ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/19489958212453 1/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 3 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੮ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਜੈਪੁਰ ਦੇ ਚਿੜੀਆਘਰ ’ਚ ਟਾਈਗਰ ਦਾ ਹਮਲਾ, ਮਹਿਲਾ ਸਫਾਈ ਕਰਮਚਾਰੀ ਦੀ ਮੌਤ

**ਜੈਪੁਰ , 2 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜੈਪੁਰ ਦੇ ਨਾਹਰਗੜ੍ਹ ਬਾਇਓਲਾਜੀਕਲ ਪਾਰਕ ’ਚ ਬੁੱਧਵਾਰ ਸਵੇਰੇ ਟਾਈਗਰ ਦੇ ਹਮਲੇ ’ਚ ਇਕ ਮਹਿਲਾ ਸਫਾਈ ਕਰਮਚਾਰੀ ਦੀ ਮੌਤ ਹੋ ਗਈ। ਜੰਗਲਾਤ ਵਿਭਾਗ ਦੇ ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਦੇ ਅਨੁਸਾਰ, ਮ੍ਰਿਤਕ ਔਰਤ ਦੀ ਪਛਾਣ ਨਾਗਲ ਸੁਸਾਵਤਾਨ ਦੀ ਰਹਿਣ ਵਾਲੀ ਸੁਗਨਾ ਦੇਵੀ ਵਜੋਂ ਹੋਈ ਹੈ, ਜੋ ਪਾਰਕ ’ਚ ਸਫਾਈ ਅਤੇ ਰੱਖ-ਰਖਾਅ ਦਾ ਕੰਮ ਕਰਦੀ ਸੀ। ਅਧਿਕਾਰੀਆਂ ਦੇ ਅਨੁਸਾਰ, ਬੁੱਧਵਾਰ ਸਵੇਰੇ ਲਗਭਗ 6 ਤੋਂ 7 ਔਰਤਾਂ ਵਾੜਾ ਨੰਬਰ 16 ’ਚ ਘਾਹ ਕੱਟ ਰਹੀਆਂ ਸਨ, ਉਸੇ ਦੌਰਾਨ ਟਾਈਗਰ “ਸ਼ਿਵਾਜੀ” ਅਚਾਨਕ ਵਾੜੇ ’ਚ ਦਾਖਲ ਹੋ ਗਿਆ, ਜਿਸ ਨਾਲ ਔਰਤਾਂ ’ਚ ਭਾਜੜ ਪੈ ਗਈ। ਸੁਗਨਾ ਦੇ ਨਾਲ ਆਈ ਇਕ ਔਰਤ ਕਮਲਾ ਦੇਵੀ ਨੇ ਕਿਹਾ ਕਿ ਸਾਰੀਆਂ ਔਰਤਾਂ ਆਪਣੀ ਜਾਨ ਬਚਾਉਣ ਲਈ ਭੱਜਆਂ, ਪਰ ਟਾਈਗਰ ਨੇ ਸੁਗਨਾ ਦੀ ਗਰਦਨ ’ਤੇ ਹਮਲਾ ਕਰ ਦਿੱਤਾ, ਜਿਸ ਨਾਲ ਉਸ ਦੀ ਮੌਤ ਹੋ ਗਈ।

ਕਮਲਾ ਨੇ ਕਿਹਾ ਕਿ ਬਾਕੀ ਔਰਤਾਂ ਨੇ ’ਫੇਸਿੰਗ’ ਅਤੇ ਦਰੱਖਤ ’ਤੇ ਚੜ੍ਹ ਕੇ ਆਪਣੀ ਜਾਨ ਬਚਾਈ। ਅਧਿਕਾਰੀਆਂ ਦੇ ਅਨੁਸਾਰ, ਸੂਚਨਾ ਮਿਲਣ ਤੋਂ ਤੁਰੰਤ ਬਾਅਦ ਜੰਗਲਾਤ ਵਿਭਾਗ ਦੀ ਇਕ ਟੀਮ ਪਹੁੰਚੀ ਅਤੇ ਟਾਈਗਰ ਨੂੰ ਕਾਬੂ ਕਰ ਕੇ ਔਰਤ ਦੇ ਲਾਸ਼ ਨੂੰ ਉਸ ਦੇ ਕਬਜ਼ੇ ’ਚੋਂ ਛੁਡਾਇਆ। ਇਸ ਤੋਂ ਬਾਅਦ ’ਫੇਸਿੰਗ’ ਅਤੇ ਦਰੱਖਤ ’ਤੇ ਚੜ੍ਹੀਆਂ ਔਰਤਾਂ ਨੂੰ ਸੁਰੱਖਿਅਤ ਬਚਾਇਆ ਗਿਆ।

## ਨੇਪਾਲ ’ਚ ਰਸਤੇ ਹੋਏ ਬੰਦ

# ਡਰੋਨ ਜਰੀਏ ਘਰ ਪਹੁੰਚਾਈਆਂ ਜਾ ਰਹੀਆਂ ਲਾਸ਼ਾਂ

**ਕਾਠਮੰਡੂ, 2 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਦੇ ਹੜ੍ਹ ਪ੍ਰਭਾਵਿਤ ਪਹਾੜੀ ਖੇਤਰਾਂ ਵਿੱਚ ਡਰੋਨ ਹੁਣ ਹਵਾਈ ਫੋਟੋਆਂ ਖਿੱਚਣ ਅਤੇ ਮੈਪਿੰਗ ਕਰਨ ਤੱਕ ਸੀਮਤ ਨਹੀਂ ਰਹੇ ਸਗੋਂ ਉਹ ਲਾਸ਼ਾਂ ਨੂੰ ਉਨ੍ਹਾਂ ਦੇ ਘਰਾਂ ਤੱਕ ਵੀ ਪਹੁੰਚਾ ਰਹੇ ਹਨ। ਬੁੱਧਵਾਰ ਨੂੰ ਦ ਕਾਠਮੰਡੂ ਪੋਸਟ ਵਿੱਚ ਪ੍ਰਕਾਸ਼ਿਤ ਇੱਕ ਰਿਪੋਰਟ ਦੇ ਅਨੁਸਾਰ ਇਸ ਹਫ਼ਤੇ ਨੁਵਾਕੋਟ ਦੇ ਦੇਵੀਘਾਟ-3 ਤੋਂ ਦੇਵੀਘਾਟ-5 ਤੱਕ ਡਰੋਨ ਰਾਹੀਂ ਸੱਤ ਲਾਸ਼ਾਂ ਨੂੰ ਪਹੁੰਚਾਇਆ ਗਿਆ। ਇਹ ਇਲਾਕਾ ਇੰਨਾ ਦੂਰ-ਦੁਰਾਡੇ ਅਤੇ ਖ਼ਤਰਨਾਕ ਸੀ ਕਿ ਬਚਾਅ ਕਰਮਚਾਰੀ ਸੁਰੱਖਿਅਤ ਢੰਗ ਨਾਲ ਇਸ ਤੱਕ ਨਹੀਂ ਪਹੁੰਚ ਸਕੇ। ਰਿਪੋਰਟ ਵਿੱਚ ਇਸਨੂੰ “ਡਰੋਨ ਦੁਆਰਾ ਹੁਣ ਤੱਕ ਨਿਭਾਈਆਂ ਗਈਆਂ ਸਭ ਤੋਂ ਅਸਾਧਾਰਨ ਭੂਮਿਕਾਵਾਂ ਵਿੱਚੋਂ ਇੱਕ” ਦੱਸਿਆ ਗਿਆ ਹੈ। ਇਸ ਕਾਰਵਾਈ ਵਿੱਚ ਨੇਪਾਲ ਪੁਲਿਸ, ਨੇਪਾਲ ਫੌਜ ਅਤੇ ਡਰੋਨ ਨਿਰਮਾਣ ਕੰਪਨੀ ਗਰੁੜਐਕਸ ਦੇ ਕਰਮਚਾਰੀ ਸ਼ਾਮਲ ਸਨ। ਇਹ ਕਾਰਵਾਈ ਇਸ ਗੱਲ ਦੀ ਇੱਕ ਉਦਾਹਰਣ ਹੈ ਕਿ ਕਿਵੇਂ ਮਨੁੱਖ ਰਹਿਤ ਹਵਾਈ ਵਾਹਨ ਨੇਪਾਲ ਵਿੱਚ ਆਫ਼ਤ ਪ੍ਰਬੰਧਨ ਵਿੱਚ ਇੱਕ ਵਾਧੂ ਭੂਮਿਕਾ ਨਿਭਾ ਰਹੇ ਹਨ। ਡਰੋਨ ਹੁਣ ਸਿਰਫ਼ ਫੋਟੋਗ੍ਰਾਫੀ ਅਤੇ ਮੈਪਿੰਗ ਲਈ ਔਜ਼ਾਰ ਨਹੀਂ ਰਹੇ, ਸਗੋਂ ਆਫ਼ਤਾਂ ਦੌਰਾਨ ਜੀਵਨ ਬਚਾਉਣ ਵਾਲੇ ਔਜ਼ਾਰ ਬਣ ਰਹੇ ਹਨ। ਇਹ ਕੱਟੇ ਹੋਏ ਖੇਤਰਾਂ ਵਿੱਚ ਭੋਜਨ ਅਤੇ ਦਵਾਈ ਪਹੁੰਚਾਉਣ, ਪਹੁੰਚ ਤੋਂ ਬਾਹਰ ਥਾਵਾਂ ’ਤੇ ਬਚੇ ਲੋਕਾਂ ਦੀ ਖੋਜ ਕਰਨ ਅਤੇ ਬਚਾਅ ਕਰਮਚਾਰੀਆਂ ਲਈ ਪਹੁੰਚਣ ਲਈ ਬਹੁਤ ਜੋਖਮ ਭਰੀਆਂ ਥਾਵਾਂ ਤੋਂ ਲਾਸ਼ਾਂ ਪ੍ਰਾਪਤ ਕਰਨ ਵਿੱਚ ਮਦਦ ਕਰ ਰਹੇ ਹਨ। ਹਾਲ ਹੀ ਵਿੱਚ ਸਭ ਤੋਂ ਵੱਧ ਪ੍ਰਭਾਵਿਤ ਖੇਤਰਾਂ ਵਿੱਚੋਂ ਇੱਕ ਦੇਵੀਘਾਟ-3 ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (19) ਨਾਲ ਲੈਸ ਇੱਕ ਡਰੋਨ ਫਸੇ ਹੋਏ ਪਿੰਡ ਵਾਸੀਆਂ ਦੇ ਉੱਪਰ ਉੱਡਿਆ। ਡਰੋਨ ਦੇ ਲਾਊਡਸਪੀਕਰ ਨੇ ਲੋਕਾਂ ਨੂੰ ਪੁੱਛਿਆ, “ਕੀ ਤੁਹਾਡੇ ਕੋਲ ਪਾਣੀ ਹੈ ? ਕੀ ਤੁਹਾਡੇ ਕੋਲ ਖਾਣਾ ਹੈ ? ਕੀ ਤੁਹਾਡੇ ਕੋਲ ਦਵਾਈ ਹੈ ?” ਪਿੰਡ ਵਾਸੀਆਂ ਨੂੰ ਜਵਾਬ ਦੇਣ ਲਈ ਆਪਣੇ ਹੱਥ ਖੜ੍ਹੇ ਕਰਨ ਲਈ ਕਿਹਾ ਗਿਆ।



## “ਚੰਡੀਗੜ੍ਹ ਵਿਖੇ ਪੀਜੀਆਈ ’ਚ ਹੀ ਹੋਵੇਗਾ ਭਾਈ ਬਲਵੰਤ ਸਿੰਘ ਰਾਜੋਆਣਾ ਦਾ ਇਲਾਜ”

**ਚੰਡੀਗੜ੍ਹ, 2 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ-ਹਰਿਆਣਾ ਹਾਈਕੋਰਟ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਚੰਡੀਗੜ੍ਹ ਵਿਖੇ ਪੀਜੀਆਈ ਵਿੱਚ ਹੀ ਆਪਣਾ ਇਲਾਜ ਕਰਵਾਉਣ ਦੇ ਹੁਕਮ ਦਿੱਤੇ ਹਨ। ਹਾਈਕੋਰਟ ਨੇ ਇਹ ਹੁਕਮ ਰਾਜੋਆਣਾ ਵੱਲੋਂ ਪਟਿਆਲਾ ਵਿਖੇ ਇਲਾਜ ਕਰਵਾਉਣ ਦੀ ਪਾਈ ਅਰਜ਼ੀ ’ਤੇ ਸੁਣਾਇਆ ਹੈ। ਦੱਸ ਦਈਏ ਬਲਵੰਤ ਸਿੰਘ ਰਾਜੋਆਣਾ ਨੇ ਆਪਣੀਆਂ ਅੱਖਾਂ ਦਾ ਇਲਾਜ ਕਰਵਾਉਣਾ ਹੈ। ਜਾਣਕਾਰੀ ਅਨੁਸਾਰ, ਭਾਈ ਬਲਵੰਤ ਸਿੰਘ ਰਾਜੋਆਣਾ ਨੇ ਆਪਣੀਆਂ ਅੱਖਾਂ ’ਚ ਮੋਤੀਆ ਹੋਣ ਬਾਰੇ ਸ਼ਿਕਾਇਤ ਕੀਤੀ ਸੀ। ਇਸ ਉਪਰੰਤ ਉਨ੍ਹਾਂ ਦੀਆਂ ਅੱਖਾਂ ਦਾ ਪੀਜੀਆਈ ਚੰਡੀਗੜ੍ਹ ਵਿਖੇ ਚੈਕਅਪ ਵੀ ਕਰਵਾਇਆ ਗਿਆ ਸੀ। ਉਨ੍ਹਾਂ ਨੇ ਹੁਣ ਹਾਈਕੋਰਟ ’ਚ ਪਟੀਸ਼ਨ ਪਾ ਕੇ ਪਟਿਆਲਾ ਦੇ ਨਿੱਜੀ ਡਾ. ਆਰ.ਐਸ. ਰੰਧਾਵਾ ਆਈ ਹਸਪਤਾਲ ਵਿੱਚ ਇਲਾਜ ਕਰਵਾਉਣ ਦੀ ਅਪੀਲ ਕੀਤੀ ਸੀ। ਭਾਈ ਰਾਜੋਆਣਾ ਨੇ ਆਪਣੀ ਪਟੀਸ਼ਨ ਵਿੱਚ ਕਿਹਾ ਸੀ ਕਿ ਉਨ੍ਹਾਂ ਦੀਆਂ ਦੋਵੇਂ ਅੱਖਾਂ ਵਿੱਚ ਮੋਤੀਆਬਿੰਦ ਹੋ ਗਿਆ ਸੀ, ਜਿਸ ਕਾਰਨ ਅੱਖਾਂ ’ਚ ਦਰਦ ਹੋ ਰਿਹਾ ਹੈ। ਉਨ੍ਹਾਂ ਨੂੰ ਸਰਜਰੀ ਕਰਵਾਉਣ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਅਦਾਲਤ ਨੂੰ ਦੱਸਿਆ ਕਿ ਇਸ ਸਾਲ ਜਨਵਰੀ ਵਿੱਚ ਹੀ ਪੀਜੀਆਈ ’ਚ ਉਨ੍ਹਾਂ ਦਾ ਚੈਕਅਪ ਹੋਇਆ ਸੀ। ਉਨ੍ਹਾਂ ਨੇ ਕਿਹਾ ਕਿ ਉਹ ਪਿਛਲੇ 30 ਸਾਲਾਂ ਤੋਂ ਪਟਿਆਲਾ ਜੇਲ੍ਹ ਵਿੱਚ ਹੈ। ਉਹ ਪੁਲਿਸ ਸੁਰੱਖਿਆ ਹੇਠ ਆਪਣੇ ਖਰਚੇ ’ਤੇ ਇਲਾਜ ਕਰਵਾਉਣ ਲਈ ਤਿਆਰ ਹੈ। ਹਾਈ ਕੋਰਟ ਨੇ ਕਿਹਾ ਕਿ ਜਨਵਰੀ ਵਿੱਚ ਜਦੋਂ ਪੀਜੀਆਈ ਵਿੱਚ ਉਨ੍ਹਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਸੀ ਤਾਂ ਫਿਰ ਪਟਿਆਲਾ ਦੇ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਕਿਉਂ ਕਰਵਾਉਣਾ ਹੈ ? ਉਪਰੰਤ, ਹਾਈਕੋਰਟ ਨੇ ਪਟੀਸ਼ਨ ਦਾ ਨਿਪਟਾਰਾ ਕਰਦੇ ਹੋਏ ਪੀਜੀਆਈ ਵਿੱਚ ਇਲਾਜ ਕਰਵਾਉਣ ਦਾ ਹੁਕਮ ਦਿੱਤਾ ਹੈ।



## ਜਵਾਕਾਂ ਦੇ ਸੋਸ਼ਲ ਮੀਡੀਆ ’ਤੇ ਲੱਗੇਗਾ ਬੈਨ ! ਲਹਿੰਦੇ ਪੰਜਾਬ ਦੀ ਅਸੈਂਬਲੀ ’ਚ ਮਤਾ ਪਾਸ




**ਇਸਲਾਮਾਬਾਦ, 2 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਸਟ੍ਰੇਲੀਆ, ਫਰਾਂਸ ਤੇ ਮਲੇਸ਼ੀਆ ਵਰਗੇ ਕਈ ਦੇਸ਼ਾਂ ਵੱਲੋਂ ਸੋਸ਼ਲ ਮੀਡੀਆ ਦੀ ਵਰਤੋਂ ’ਤੇ ਸਖ਼ਤ ਕਾਨੂੰਨ ਬਣਾਏ ਜਾ ਰਹੇ ਹਨ। ਇਸੇ ਦੌਰਾਨ ਸਾਈਬਰ ਬੁਲਿੰਗ, ਆਨਲਾਈਨ ਸ਼ੋਸ਼ਣ ਅਤੇ ਬੱਚਿਆਂ ’ਚ ਸਕ੍ਰੀਨ ਟਾਈਮ ਓਵਰਡੋਜ਼ ਵਰਗੇ ਵਧਦੇ ਖ਼ਤਰਿਆਂ ਨੂੰ ਦੇਖਦਿਆਂ ਪਾਕਿਸਤਾਨ ਦੇ ਪੰਜਾਬ ਸੂਬੇ ਦੀ ਅਸੈਂਬਲੀ ’ਚ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਸੋਸ਼ਲ ਮੀਡੀਆ ਵਰਤੋਂ ’ਤੇ ਕਾਨੂੰਨੀ ਪਾਬੰਦੀ ਲਗਾਉਣ ਦਾ ਮਤਾ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਹੈ। ਅਸੈਂਬਲੀ ਨੇ ਕੇਂਦਰ ਸਰਕਾਰ ਨੂੰ ਬੱਚਿਆਂ ਲਈ ਸੋਸ਼ਲ ਮੀਡੀਆ ਪਾਬੰਦੀ ਨਾਲ ਜੁੜਿਆ ਢੁਕਵਾਂ ਕਾਨੂੰਨ ਬਣਾਉਣ ਦੀ ਸਲਾਹ ਦਿੱਤੀ ਹੈ। ਪਾਸ ਕੀਤੇ ਗਏ ਇਸ ਮਤੇ ਨੂੰ ਵਿਰੋਧੀ ਧਿਰ ਪਾਕਿਸਤਾਨ ਤਹਿਰੀਕ-ਏ-ਇਨਸਾਫ਼ ਸਣੇ ਪੂਰੇ ਸਦਨ ਦਾ ਪੂਰਾ ਸਮਰਥਨ ਮਿਲਿਆ ਹੈ। ਇਹ ਮਤਾ ਚਾਈਲਡ ਪ੍ਰੋਟੈਕਸ਼ਨ ਬਿਊਰੋ ਦੀ ਚੇਅਰਪਰਸਨ ਅਤੇ ਵਿਧਾਇਕਾ ਸਾਰਾ ਅਹਿਮਦ ਵੱਲੋਂ ਪੇਸ਼ ਕੀਤਾ ਗਿਆ ਸੀ। ਮਤੇ ’ਚ ਕਿਹਾ ਗਿਆ ਹੈ ਕਿ ਬਿਨਾਂ ਕਿਸੇ ਰੋਕ-ਟੋਕ ਦੇ ਸੋਸ਼ਲ ਮੀਡੀਆ ਦੀ ਵਰਤੋਂ ਨਾਲ ਨਾਬਾਲਗ ਬੱਚੇ ਸਾਈਬਰ ਬੁਲਿੰਗ, ਆਨਲਾਈਨ ਸ਼ੋਸ਼ਣ, ਅਸ਼ਲੀਲ ਕੰਟੈਂਟ ਅਤੇ ਗੰਭੀਰ ਮਾਨਸਿਕ ਤਣਾਅ ਵਰਗੇ ਖ਼ਤਰਿਆਂ ਦੀ ਲਪੇਟ ’ਚ ਆ ਰਹੇ ਹਨ। ਮਤੇ ’ਚ ਆਸਟ੍ਰੇਲੀਆ, ਫਰਾਂਸ, ਚੀਨ ਅਤੇ ਅਮਰੀਕਾ ਦੇ ਕਈ ਸੂਬਿਆਂ ਵੱਲੋਂ ਬੱਚਿਆਂ ਦੀ ਸੋਸ਼ਲ ਮੀਡੀਆ ਵਰਤੋਂ ’ਤੇ ਲਗਾਈਆਂ ਗਈਆਂ ਕਾਨੂੰਨੀ ਪਾਬੰਦੀਆਂ ਦਾ ਹਵਾਲਾ ਦਿੰਦਿਆਂ ਪਾਕਿਸਤਾਨ ਵਿੱਚ ਵੀ ਅਜਿਹੇ ਹੀ ਸਖ਼ਤ ਨਿਯਮ ਲਾਗੂ ਕਰਨ ਦੀ ਅਪੀਲ ਕੀਤੀ ਗਈ ਹੈ। ਇਸ ਮਤੇ ਰਾਹੀਂ ਪੰਜਾਬ ਅਸੈਂਬਲੀ ਨੇ ਫੈਡਰਲ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸੂਬਾ ਅਤੇ ਕੇਂਦਰੀ ਸੰਸਥਾਵਾਂ ਨਾਲ ਮਿਲ ਕੇ ਇੱਕ ਸਾਂਝਾ ਸਿਸਟਮ ਬਣਾਇਆ ਜਾਵੇ, ਤਾਂ ਜੋ ਬੱਚਿਆਂ ਦੇ ਡਿਜੀਟਲ ਭਵਿੱਖ ਨੂੰ ਸੁਰੱਖਿਅਤ ਬਣਾਇਆ ਜਾ ਸਕੇ ਤੇ ਉਨ੍ਹਾਂ ਨੂੰ ਡਿਜੀਟਲ ਦੁਨੀਆ ਤੋਂ ਕੱਢ ਕੇ ਅਸਲ ਦੁਨੀਆ ’ਚ ਲਿਆਂਦਾ ਜਾਵੇ ਤੇ ਉਨ੍ਹਾਂ ਨੂੰ ਸਰੀਰਕ ਤੇ ਮਾਨਸਿਕ ਤੌਰ ’ਤੇ ਵਿਕਸਿਤ ਕੀਤਾ ਜਾ ਸਕੇ।

## ਪੰਜਾਬ ਵਿਧਾਨ ਸਭਾ ’ਚ ਪਾਸ ਬਿੱਲ ਨੂੰ ਲਾਗੂ ਕਰਵਾਉਣ ਲਈ ਵੀ ਸੰਘਰਸ਼ ! ਟੈਂਕੀ ’ਤੇ ਚੜ੍ਹੇ ਆਊਟਸੋਰਸ ਮੁਲਾਜ਼ਮ

**ਸ੍ਰੀ ਅਨੰਦਪੁਰ ਸਾਹਿਬ, 2 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ 10 ਅਗਸਤ 2026 ਨੂੰ ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤੇ ਗਏ ‘ਦੀ ਪੰਜਾਬ ਸਟੇਟ ਆਊਟਸੋਰਸ ਪਰਸੋਨਲ ਟਰਾਂਜ਼ਿਸ਼ਨ ਟੂ ਕੰਟਰੈਕਚੁਅਲ ਇੰਗੇਜਮੈਂਟ ਬਿੱਲ-2026’ ਦਾ ਨੋਟੀਫਿਕੇਸ਼ਨ ਜਾਰੀ ਨਾ ਹੋਣ ਦੇ ਰੋਸ ਵਜੋਂ ਆਊਟਸੋਰਸ ਮੁਲਾਜ਼ਮਾਂ ਨੇ ਅੱਜ ਸੰਘਰਸ਼ ਤੇਜ਼ ਕਰ ਦਿੱਤਾ। ਸਰਕਾਰ ਵੱਲੋਂ ਬਿੱਲ ਪਾਸ ਹੋਣ ਦੇ 22 ਦਿਨ ਬਾਅਦ ਵੀ ਨੋਟੀਫਿਕੇਸ਼ਨ ਜਾਰੀ ਨਾ ਕੀਤੇ ਜਾਣ ਤੋਂ ਖ਼ਫ਼ਾ ਪੰਜ ਮੁਲਾਜ਼ਮ ਅੱਜ ਸ੍ਰੀ ਅਨੰਦਪੁਰ ਸਾਹਿਬ ਤੋਂ ਕੁਝ ਕਿਲੋਮੀਟਰ ਦੂਰੀ ਤੇ ਪੈਂਦੇ ਪਿੰਡ ਕੋਟਲਾ ਵਿਖੇ ਪਾਣੀ ਵਾਲੀ ਟੈਂਕੀ ’ਤੇ ਚੜ੍ਹ ਗਏ ਅਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਮੌਕੇ ਕਪਿਲ ਮਹੰਦਲੀ ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੇ ਸਰਕਾਰੀ ਕਾਰਜਕਾਲ ਦੌਰਾਨ ਇਹ ਇੱਕੋ-ਇੱਕ ਅਜਿਹਾ ਬਿੱਲ ਹੈ, ਜਿਸ ਨੂੰ ਵਿਧਾਨ ਸਭਾ ਵਿੱਚ ਪਾਸ ਕੀਤੇ ਜਾਣ ਮਗਰੋਂ ਹਾਲੇ ਤੱਕ ਨੋਟੀਫਿਕੇਸ਼ਨ ਜਾਰੀ ਕਰਕੇ ਲਾਗੂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਵੱਲੋਂ ਪਿਛਲੇ ਕਈ ਦਿਨਾਂ ਤੋਂ ਪ੍ਰਸ਼ਾਸਨ ਅਤੇ ਮੁੱਖ ਮੰਤਰੀ ਨੂੰ ਪੱਤਰ ਭੇਜ ਕੇ ਬਿੱਲ ਦਾ ਨੋਟੀਫਿਕੇਸ਼ਨ ਜਾਰੀ ਕਰਨ ਦੀ ਮੰਗ ਕੀਤੀ ਜਾ ਰਹੀ ਹੈ ਪਰ ਇਸ ਦੇ ਬਾਵਜੂਦ ਸਰਕਾਰ ਵੱਲੋਂ ਉਨ੍ਹਾਂ ਨਾਲ ਗੱਲਬਾਤ ਕਰਨ ਲਈ ਕੋਈ ਮੀਟਿੰਗ ਨਹੀਂ ਸੱਦੀ ਗਈ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਵਿੱਚ ਇਸ ਗੱਲ ਨੂੰ ਲੈ ਕੇ ਚਿੰਤਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਕਿਸੇ ਵੀ ਸਮੇਂ ਚੋਣ ਜ਼ਾਬਤਾ ਲਾਗੂ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਸਾਲ 2016 ਵਿੱਚ ਵੀ ਅਜਿਹਾ ਹੀ ਵਾਪਰਿਆ ਸੀ। ਉਸ ਸਮੇਂ ਆਊਟਸੋਰਸ ਮੁਲਾਜ਼ਮਾਂ ਨਾਲ ਸਬੰਧਤ ‘ਆਊਟਸੋਰਸ ਵੈੱਲਫੇਅਰ ਐਕਟ-2016’ ਚੋਣ ਜ਼ਾਬਤੇ ਦੀ ਭੇਟ ਚੜ੍ਹ ਗਿਆ ਸੀ। ਚੋਣ ਜ਼ਾਬਤਾ ਲਾਗੂ ਹੋਣ ਕਾਰਨ ਮੁਲਾਜ਼ਮਾਂ ਦੇ ਆਰਡਰ, ਮੈਡੀਕਲ ਅਤੇ ਵੈਰੀਫਿਕੇਸ਼ਨ ਆਦਿ ਦੀ ਪ੍ਰਕਿਰਿਆ ਰੱਦ ਹੋ ਗਈ ਸੀ। ਆਗੂਆਂ ਨੇ ਕਿਹਾ ਕਿ ਉਨ੍ਹਾਂ ਨੂੰ ਡਰ ਹੈ ਕਿ ਜੇਕਰ ਮੌਜੂਦਾ ਬਿੱਲ ਦਾ ਨੋਟੀਫਿਕੇਸ਼ਨ ਜਲਦੀ ਜਾਰੀ ਨਾ ਕੀਤਾ ਗਿਆ ਤਾਂ ਇਸ ਵਾਰ ਵੀ ਉਨ੍ਹਾਂ ਦੀਆਂ ਮੰਗਾਂ ਚੋਣ ਜ਼ਾਬਤੇ ਕਾਰਨ ਲਟਕ ਸਕਦੀਆਂ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਵਿਧਾਨ ਸਭਾ ਵਿੱਚ ਪਾਸ ਕੀਤੇ ਬਿੱਲ ਦਾ ਤੁਰੰਤ ਨੋਟੀਫਿਕੇਸ਼ਨ ਜਾਰੀ ਕਰਕੇ ਇਸ ਨੂੰ ਅਮਲ ਵਿੱਚ ਲਿਆਂਦਾ ਜਾਵੇ। ਟੈਂਕੀ ’ਤੇ ਚੜ੍ਹੇ ਮੁਲਾਜ਼ਮਾਂ ਸਬੰਧੀ ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਉਹ ਆਪਣੀ ਮਰਜ਼ੀ ਨਾਲ ਟੈਂਕੀ ’ਤੇ ਚੜ੍ਹੇ ਹਨ ਅਤੇ ਸਰਕਾਰ ਵੱਲੋਂ ਉਨ੍ਹਾਂ ਦੀ ਮੰਗ ’ਤੇ ਗੰਭੀਰਤਾ ਨਾਲ ਗੱਲਬਾਤ ਕਰਨ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਪ੍ਰਸ਼ਾਸਨ ਨੂੰ ਸ਼ਾਮ 7 ਵਜੇ ਤੱਕ ਦਾ ਅਲਟੀਮੇਟਮ ਦਿੰਦਿਆਂ ਕਿਹਾ ਕਿ ਜੇਕਰ ਇਸ ਸਮੇਂ ਤੱਕ ਉਨ੍ਹਾਂ ਦੀ ਸੁਣਵਾਈ ਨਾ ਹੋਈ ਤਾਂ ਉਹ ਕੌਮੀ ਮਾਰਗ ਦਾ ਇੱਕ ਪਾਸਾ ਮੁਕੰਮਲ ਤੌਰ ’ਤੇ ਜਾਮ ਕਰ ਦੇਣਗੇ। ਮੁਲਾਜ਼ਮ ਆਗੂਆਂ ਨੇ ਐਲਾਨ ਕੀਤਾ ਕਿ ਬਿੱਲ ਦਾ ਨੋਟੀਫਿਕੇਸ਼ਨ ਜਾਰੀ ਹੋਣ ਤੱਕ ਉਨ੍ਹਾਂ ਦਾ ਸੰਘਰਸ਼ ਅਣਮਿੱਥੇ ਸਮੇਂ ਲਈ ਜਾਰੀ ਰਹੇਗਾ।



## ਹਿਜ਼ਬੁੱਲਾ ਡਰੋਨ ਹਮਲੇ ਤੋਂ ਬਾਅਦ ਇਜ਼ਰਾਈਲ ਨੇ ਦੱਖਣੀ ਲੇਬਨਾਨ ’ਤੇ ਕਰ’ਤਾ ਹਮਲਾ

**ਯਰੂਸ਼ਲਮ , 2 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਿਜ਼ਬੁੱਲਾ ਵੱਲੋਂ ਇਜ਼ਰਾਈਲੀ ਫੌਜ ’ਤੇ ਦੋ ਵਿਸਫੋਟਕ ਡਰੋਨਾਂ ਨਾਲ ਹਮਲਾ ਕੀਤੇ ਜਾਣ ਤੋਂ ਬਾਅਦ ਇਜ਼ਰਾਈਲ ਨੇ ਬੁੱਧਵਾਰ ਨੂੰ ਦੱਖਣੀ ਲੇਬਨਾਨ ’ਤੇ ਹਵਾਈ ਹਮਲੇ ਅਤੇ ਗੋਲੀਬਾਰੀ ਕੀਤੀ। ਇਸ ਘਟਨਾ ਨੂੰ ਜੂਨ ਵਿੱਚ ਹੋਈ ਜੰਗਬੰਦੀ ਦੇ ਹਾਲੀਆ ਟੈਸਟ ਵਜੋਂ ਦੇਖਿਆ ਜਾ ਰਹੀ ਹੈ। ਇਜ਼ਰਾਈਲੀ ਫੌਜ ਅਨੁਸਾਰ ਹਿਜ਼ਬੁੱਲਾ ਨੇ ਰਾਤੋ-ਰਾਤ ਅਲੀ ਅਲ-ਤਾਹਰ ਰਿਜ ’ਤੇ ਮੌਜੂਦ ਉਨ੍ਹਾਂ ਦੇ ਜਵਾਨਾਂ ਵੱਲ ਦੋ ਵਿਸਫੋਟਕ ਡਰੋਨ ਭੇਜੇ ਸਨ। ਫੌਜ ਨੇ ਇਨ੍ਹਾਂ ਵਿੱਚੋਂ ਇੱਕ ਡਰੋਨ ਨੂੰ ਡੇਗ ਦਿੱਤਾ ਅਤੇ ਫਿਲਹਾਲ ਕਿਸੇ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਇਸ ਦੇ ਜਵਾਬ ਵਿੱਚ ਇਜ਼ਰਾਈਲੀ ਫੌਜ ਨੇ ਨਬਾਤੀਹ ਇਲਾਕੇ ਵਿੱਚ ਹਿਜ਼ਬੁੱਲਾ ਦੇ ਬੁਨਿਆਦੀ ਢਾਂਚੇ ਅਤੇ ਉਨ੍ਹਾਂ ਥਾਵਾਂ ਨੂੰ ਨਿਸ਼ਾਨਾ ਬਣਾਇਆ, ਜਿਨ੍ਹਾਂ ਦੀ ਵਰਤੋਂ ਇਜ਼ਰਾਈਲੀ ਫੌਜੀਆਂ ਵਿਰੁੱਧ ਹਮਲਿਆਂ ਦੀ ਯੋਜਨਾ ਬਣਾਉਣ ਅਤੇ ਨਿਰਦੇਸ਼ ਦੇਣ ਲਈ ਕੀਤੀ ਜਾਂਦੀ ਸੀ। ਲੇਬਨਾਨ ਦੀ ਨੈਸ਼ਨਲ ਨਿਊਜ਼ ਏਜੰਸੀ ਅਨੁਸਾਰ, ਇਜ਼ਰਾਈਲ ਨੇ ਨਬਾਤੀਹ ਅਲ-ਫੌਕਾ, ਅਰਬ ਸਲੀਮ, ਅਲੀ ਅਲ-ਤਾਹਰ ਰਿਜ ’ਤੇ ਗੋਲੀਬਾਰੀ ਅਤੇ ਹਵਾਈ ਹਮਲੇ ਕੀਤੇ ਹਨ ਅਤੇ ਜ਼ਵਤਾਰ ਅਲ-ਸ਼ਰਕੀਆ ਵੱਲ ਮਸ਼ੀਨ-ਗਨ ਨਾਲ ਗੋਲੀਬਾਰੀ ਕੀਤੀ ਗਈ ਹੈ। ਲੇਬਨਾਨ ਦੇ ਸਿਹਤ ਮੰਤਰਾਲੇ ਦੇ ਐਮਰਜੈਂਸੀ ਆਪ੍ਰੇਸ਼ਨ ਸੈਂਟਰ ਵੱਲੋਂ ਮੰਗਲਵਾਰ ਨੂੰ ਜਾਰੀ ਰਿਪੋਰਟ ਅਨੁਸਾਰ ਮਾਰਚ ਵਿੱਚ ਸ਼ੁਰੂ ਹੋਈ ਤਾਜ਼ਾ ਲੜਾਈ ਦੌਰਾਨ ਲੇਬਨਾਨ ਵਿੱਚ ਇਜ਼ਰਾਈਲੀ ਹਮਲਿਆਂ ਕਾਰਨ ਹੁਣ ਤੱਕ 4,353 ਲੋਕਾਂ ਦੀ ਮੌਤ ਹੋ ਚੁੱਕੀ ਹੈ। ਭਾਵੇਂ ਜੂਨ ਵਿੱਚ ਅਮਰੀਕਾ ਦੀ ਵਿਚੋਲਗੀ ਨਾਲ ਹੋਈ ਜੰਗਬੰਦੀ ਕਾਰਨ ਲੜਾਈ ਵਿੱਚ ਕਮੀ ਆਈ ਸੀ, ਪਰ ਇਜ਼ਰਾਈਲੀ ਹਮਲੇ ਲਗਾਤਾਰ ਜਾਰੀ ਹਨ ਅਤੇ ਇਜ਼ਰਾਈਲੀ ਫੌਜ ਅਜੇ ਵੀ ਕਬਜ਼ੇ ਵਾਲੇ ਖੇਤਰਾਂ ਵਿੱਚ ਮੌਜੂਦ ਹੈ। ਦੱਖਣੀ ਲੇਬਨਾਨ ਵਿੱਚ ਇਜ਼ਰਾਈਲ ਦੀਆਂ ਹਵਾਈ ਅਤੇ ਜ਼ਮੀਨੀ ਕਾਰਵਾਈਆਂ, ਤੋਪਖਾਨੇ ਦੀ ਬੰਬਾਰੀ ਅਤੇ ਢਾਹੁਣ ਦੇ ਕੰਮ ਲਗਾਤਾਰ ਚੱਲ ਰਹੇ ਹਨ। ਇਜ਼ਰਾਈਲੀ ਜੰਗੀ ਜਹਾਜ਼ਾਂ ਨੇ ਜ਼ਵਤਾਰ ਅਲ-ਸ਼ਰਕੀਆ ਅਤੇ ਮਾਇਫਾਦੌਨ ਵਿਚਕਾਰ, ਅਤੇ ਬਾਅਦ ਵਿੱਚ ਜ਼ਵਤਾਰ ਅਤੇ ਅਰਨੌਨ ਵਿਚਕਾਰ ਹਮਲੇ ਕੀਤੇ, ਜਦਕਿ ਅਰਨੌਨ ਅਲ-ਸ਼ਕੀਫ ਅਤੇ ਯਾਹਮਰ ਅਲ-ਸ਼ਕੀਫ ਦੇ ਬਾਹਰੀ ਇਲਾਕਿਆਂ ਵਿੱਚ ਵੱਡੇ ਧਮਾਕੇ ਕੀਤੇ ਗਏ। ਇਸ ਵਿਗੜਦੀ ਸਥਿਤੀ ਦਰਮਿਆਨ ਲੇਬਨਾਨ ਦੇ ਪ੍ਰਧਾਨ ਮੰਤਰੀ ਨਵਾਫ਼ ਸਲਾਮ ਨੇ ਐਤਵਾਰ ਨੂੰ ਵਾਅਦਾ ਕੀਤਾ ਕਿ ਦੱਖਣੀ ਲੇਬਨਾਨ ਤੋਂ ਉੱਜੜੇ ਨਾਗਰਿਕ ਸੁਰੱਖਿਅਤ ਅਤੇ ਸਨਮਾਨ ਨਾਲ ਵਾਪਸ ਪਰਤਣਗੇ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ, “ਦੱਖਣੀ ਹਿੱਸਾ ਅਜਿਹਾ ਖੁੱਲ੍ਹਾ ਅਖਾੜਾ ਨਹੀਂ ਬਣਨਾ ਚਾਹੀਦਾ ਜਿੱਥੇ ਲੇਬਨਾਨ ਤੋਂ ਬਾਹਰ ਤੈਅ ਹੋਣ ਵਾਲੀਆਂ ਜੰਗਾਂ ਅਤੇ ਸੰਘਰਸ਼ ਲੜੇ ਜਾਣ।

# ਲੰਗਰ ਸੇਵਾ 5 ਸਤੰਬਰ ਦਿਨ ਸ਼ਨੀਵਾਰ ਨੂੰ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਵੱਲੋਂ ਪੰਥਕ ਅਕਾਲੀ ਦਲ ਦੇ ਸਮੂਹ ਅਹੁਦੇਦਾਰਾਂ ਰਾਜਨੀਤਿਕ ਧਾਰਮਿਕ ਅਤੇ ਕਿਸਾਨ ਵਿੰਗ ਦੇ ਸਾਰੇ ਪ੍ਰਧਾਨਾਂ ਨੂੰ ਜਰੂਰੀ ਤਾਕੀਦ ਹੈ ਕਿ ਆਪੋ-ਆਪਣੇ ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਨੂੰ ਬੇਨਤੀ ਕਰਕੇ 5 ਸਤੰਬਰ ਨੂੰ ਠੀਕ 9 ਵਜੇ ਸ੍ਰੀ ਅੰਮ੍ਰਿਤਸਰ ਸਾਹਿਬ ਲੰਗਰ ਹਾਲ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨੀ ਤਾਂ ਕਿ ਹਰ ਮਹੀਨੇ ਦੀ ਤਰ੍ਹਾਂ ਸ੍ਰੀ ਗੁਰੂ ਰਾਮਦਾਸ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰ ਸਕੀਏ।

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ



ਜਾਰੀ ਕਰਤਾ : **ਜਥੇਦਾਰ ਦਲੀਪ ਸਿੰਘ ਚਕਰ**
ਕਨਵੀਨਰ ਪੰਥਕ ਅਕਾਲੀ ਦਲ, +91 99146 00715



ਆਵਾਜ਼ਿ ਕੌਮ AWAZE QAUM
International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਖਾਲਸਾ ਸ਼ਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛੱਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ | WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ: ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ





ਮਹਾਨ ਦਿਹਾੜਾ ਭਾਈ ਲਾਧੋ ਰੇ ਦਿਵਸ਼, ਸ਼ਹੀਦੀ ਦਿਹਾੜਾ ਕੌਮੀ ਸ਼ਹੀਦ ਭਾਈ ਜਸਵੰਤ ਖਾਲੜਾ , ਸ਼ਹੀਦੀ ਦਿਹਾੜਾ ਕੌਮੀ ਹੀਰੋ ਭਾਈ ਦਿਲਾਵਰ ਸਿੰਘ ਬੱਬਰ , ਸੰਪੂਰਨਤਾ ਦਿਵਸ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸੰਪੂਰਨਤਾ ਦਿਵਸ ਨੂੰ ਸਮਰਪਿਤ ਸਿੱਖ ਸੰਗਤਾਂ ਵੱਲੋਂ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਲਈ ਗਈ ਹੈ 4 ਸਤੰਬਰ ਸ਼ੁੱਕਰਵਾਰ ਸਵੇਰੇ ਸਾਢੇ 10 ਵਜੇ ਅਰੰਭਤਾ ਹੋਵੇਗੀ

ਸ਼ਨਿੱਚਰਵਾਰ 5 ਸਤੰਬਰ ਸ਼ਾਮ 5 ਤੋਂ 8:30 ਵਜੇ ਤੱਕ ਦੀਵਾਨ ਸੱਜਣਗੇ।ਐਤਵਾਰ 6 ਸਤੰਬਰ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:45 ਵਜੇ ਤੱਕ ਦੀਵਾਨ ਸੱਜਣਗੇ।



ਢਾਡੀ ਜਥਾ ਗਿਆਨੀ ਹਰਦੀਪ ਸਿੰਘ ਖਾਲਸਾ ਮਾਨੋਚਾਹਲ

ਢਾਡੀ ਜਥਾ ਗਿਆਨੀ ਹਰਦੀਪ ਸਿੰਘ ਖਾਲਸਾ ਮਾਨੋਚਾਹਲ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਲੜੀਵਾਰ
ਗੁਰਬਾਣੀ ਸ਼ਬਦ ਵਿਚਾਰ
ਆਵਾਜ਼ਿ ਕੌਮ
AWAZE QAUM
International Newspaper & WEB TV
ਗੁਰਦੁਆਰਾ ਬੰਗਲਾ ਸਾਹਿਬ
5 ਸਤੰਬਰ 2026
ਦਿਨ ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
LIVE ON
CHARDIKLA TIME TV
ਗੁਰਦੁਆਰਾ ਸੀਸਗੰਜ ਸਾਹਿਬ
6 ਸਤੰਬਰ 2026
ਦਿਨ ਐਤਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
LIVE ON
PTC ਸਿਮਰਨ
GURUDWARA SISGANJ SAHIB, DELHI
ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਪਰਕ ਨੰਬਰ : 9814015740 , 9356060960

ਚੰਡੀਗੜ੍ਹ ਯੂਨੀਵਰਸਿਟੀ ਚੋਣ ਨਤੀਜਿਆਂ ’ਤੇ

# ਭਾਈ ਜਗਤਾਰ ਸਿੰਘ ਮਾਹਲ ਦਾ ਤਿੱਖਾ ਹਮਲਾ

**ਚੰਡੀਗੜ੍ਹ, 2 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਯੂਨੀਵਰਸਿਟੀ ਦੀਆਂ ਵਿਦਿਆਰਥੀ ਚੋਣਾਂ ਦੇ ਨਤੀਜਿਆਂ ਨੂੰ ਲੈ ਕੇ ਸਿਆਸੀ ਵਿਵਾਦ ਭਖ ਗਿਆ ਹੈ। ਅਕਾਲੀ ਦਲ ਵਾਰਸ ਪੰਜਾਬ ਯੂਰਪ ਦੇ ਮੁਖੀ ਭਾਈ ਜਗਤਾਰ ਸਿੰਘ ਮਾਹਲ ਨੇ ਚੋਣ ਨਤੀਜਿਆਂ ਨੂੰ ਲੈ ਕੇ ਅਕਾਲੀ ਦਲ ਬਾਦਲ ਅਤੇ ਬਾਦਲ ਪਰਿਵਾਰ ’ਤੇ ਤਿੱਖਾ ਸਿਆਸੀ ਹਮਲਾ ਕਰਦਿਆਂ ਉਨ੍ਹਾਂ ਦੀ ਸਖ਼ਤ ਨਿਖੇਧੀ ਕੀਤੀ ਹੈ।

### “ਬਾਦਲ ਪਰਿਵਾਰ ਨੇ ਮੁੜ ਕੌਮ ਦੀ ਪਿੱਠ ਵਿੱਚ ਛੁਰਾ ਮਾਰਨ ਵਾਲੀ ਸਿਆਸਤ ਕੀਤੀ” : ਮਾਹਲ



ਭਾਈ ਮਾਹਲ ਨੇ ਦੋਸ਼ ਲਾਇਆ ਕਿ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਯੂਆਰ ਅਤੇ ਆਰਐੱਸਐੱਸ-ਭਾਜਪਾ ਪੱਖੀ ਧਿਰਾਂ ਦੀ ਜਿੱਤ ਪਿੱਛੇ ਐੱਸਓਆਈ ਵੱਲੋਂ ਅਕਾਲੀ ਦਲ ਬਾਦਲ ਅਤੇ ਬਾਦਲ ਪਰਿਵਾਰ ਨੂੰ ਦਿੱਤੀ ਜਾ ਰਹੀ ਹਮਾਇਤ ਦੀ ਭੂਮਿਕਾ ’ਤੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਨੁਮਾਇੰਦਗੀ ਦਾ ਦਾਅਵਾ ਕਰਨ ਵਾਲੀ ਸਿਆਸੀ ਧਿਰ ਵੱਲੋਂ ਅਜਿਹੀ ਪਹੁੰਚ ਅਪਣਾਉਣਾ ਬੇਹੱਦ ਚਿੰਤਾਜਨਕ ਹੈ।

ਉਨ੍ਹਾਂ ਕਿਹਾ ਕਿ “ਅੱਜ ਇੱਕ ਵਾਰ ਫਿਰ ਬਾਦਲ ਪਰਿਵਾਰ ਨੇ ਕੌਮ ਦੀ ਪਿੱਠ ਵਿੱਚ ਛੁਰਾ ਮਾਰਨ ਵਾਲੀ ਸਿਆਸਤ ਕੀਤੀ ਹੈ।” ਭਾਈ ਮਾਹਲ ਨੇ ਕਿਹਾ ਕਿ ਸਿੱਖ ਕੌਮ ਦੇ ਹਿੱਤਾਂ ਅਤੇ ਸਿਧਾਂਤਾਂ ਨਾਲ ਸਮਝੌਤਾ ਕਰਕੇ ਕੀਤੀ ਜਾਣ ਵਾਲੀ ਕਿਸੇ ਵੀ ਸਿਆਸੀ ਰਣਨੀਤੀ ਨੂੰ ਅਕਾਲੀ ਦਲ ਵਾਰਸ ਪੰਜਾਬ ਯੂਰਪ ਕਦੇ ਪ੍ਰਵਾਨ ਨਹੀਂ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਜਗਤਾਰ ਸਿੰਘ ਮਾਹਲ ਨੇ ਸਿੱਖ ਨੌਜਵਾਨਾਂ ਨੂੰ ਵੀ ਸੁਚੇਤ ਕਰਦਿਆਂ ਕਿਹਾ ਕਿ ਉਹ ਆਪਣੀ ਸਿਆਸੀ ਤਾਕਤ, ਹੱਕਾਂ ਅਤੇ ਭਵਿੱਖ ਪ੍ਰਤੀ ਜਾਗਰੂਕ ਹੋਣ। ਉਨ੍ਹਾਂ ਕਿਹਾ ਕਿ ਸਿੱਖ ਨੌਜਵਾਨਾਂ ਦੀ ਆਵਾਜ਼ ਅਤੇ ਤਾਕਤ ਨੂੰ ਕਿਸੇ ਸਿਆਸੀ ਪਰਿਵਾਰ ਦੇ ਨਿੱਜੀ ਹਿੱਤਾਂ ਲਈ ਵਰਤਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।

ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਸ ਪੰਜਾਬ ਯੂਰਪ ਸਿੱਖ ਕੌਮ ਦੇ ਹੱਕਾਂ, ਸਿਧਾਂਤਾਂ ਅਤੇ ਭਵਿੱਖ ਦੀ ਰਾਖੀ ਲਈ ਆਪਣੀ ਆਵਾਜ਼ ਬੁਲੰਦ ਕਰਦਾ ਰਹੇਗਾ ਅਤੇ ਕੌਮ ਵਿਰੋਧੀ ਸਮਝੀਆਂ ਜਾਣ ਵਾਲੀਆਂ ਕਿਸੇ ਵੀ ਸਿਆਸੀ ਚਾਲਾਂ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ।

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਤਲਵੰਡੀ ਸਾਬੋ ’ਚ 500 ਡਰੋਨਾਂ ਦੇ ਵਿਸ਼ੇਸ਼ ਸ਼ੋਅ ਨੇ ਸੰਗਤਾਂ ਦਾ ਮਨ ਮੋਹਿਆ













ਤਲਵੰਡੀ ਸਾਬੋ, 02 ਸਤੰਬਰ (ਗੁਰਜੰਟ ਸਿੰਘ ਨਥੇਹਾ)- ਸ੍ਰੀ ਗੁਰੂ ਰਵਿਦਾਸ ਜੀ ਦੇ ਦਰਸਾਏ ਮਾਰਗ ਉੱਤੇ ਚੱਲ ਕੇ ਅਸੀਂ ਸਾਰੇ ਆਪਣਾ ਜੀਵਨ ਨਿਹਾਲ ਕਰ ਸਕਦੇ ਹਾਂ। ਉਨ੍ਹਾਂ ਦੇ ਫਲਸਫੇ ਉੱਤੇ ਚਲਦਿਆਂ ਪੰਜਾਬ ਸਰਕਾਰ ਹਰ ਧਰਮ ਦਾ ਸਤਿਕਾਰ ਕਰਦਿਆਂ ਸੂਬੇ ਦੇ ਸਾਰੇ ਵਰਗਾਂ ਦੇ ਲੋਕਾਂ ਨੂੰ ਨਾਲ ਲੈ ਕੇ ਕੰਮ ਕਰ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਤਲਵੰਡੀ ਸਾਬੋ ਤੇ ਪਾਰਟੀ ਚੀਫ਼ ਵਿੱਪ ਕੈਬਨਿਟ ਰੈਂਕ ਪ੍ਰੋ: ਬਲਜਿੰਦਰ ਕੌਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸ੍ਰੀ ਦਸ਼ਮੇਸ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਵਿਸ਼ੇਸ਼ ਡਰੋਨ ਸ਼ੋਅ ਪ੍ਰੋਗਰਾਮ ਦੌਰਾਨ ਕੀਤਾ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਪ੍ਰੋ: ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ਰਧਾਲੂਆਂ ਲਈ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਨੂੰ ਸੁਖਾਲਾ ਬਣਾਉਣ ਵੱਲ ਇੱਕ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਉਨ੍ਹਾਂ ਨੂੰ ਪ੍ਰਮੁੱਖ ਤੀਰਥ ਸਥਾਨਾਂ ਦੀ ਯਾਤਰਾ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ ਤਾਂ ਜੋ ਕੋਈ ਵੀ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਤੋਂ ਵਾਂਝਾ ਨਾ ਰਹਿ ਸਕੇ। ਪ੍ਰੋ. ਬਲਜਿੰਦਰ ਕੌਰ ਨੇ ਦੱਸਿਆ ਕਿ ਅੱਜ ਦਾ ਇਹ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਲਵੰਡੀ ਸਾਬੋ ’ਚ 500 ਡਰੋਨਾਂ ਦੇ ਵਿਸ਼ੇਸ਼ ਸ਼ੋਅ ਪਹਿਲਾ ਸ਼ੋਅ ਹੈ ਜੋ ਸਾਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਨਾਲ ਜੋੜਨ ਲਈ ਸੂਬਾ ਸਰਕਾਰ ਦਾ ਵਿਸ਼ੇਸ਼ ਉਪਰਾਲਾ ਹੈ। ਇਸ ਮੌਕੇ ਜਦੋਂ ਇਕੱਠੇ 500 ਡਰੋਨ ਅਸਮਾਨ ਵਿੱਚ ਉਡਾਏ ਗਏ ਤਾਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਨਾਲ ਸਬੰਧਿਤ ਮਨਮੋਹਕ ਦ੍ਰਿਸ਼ਾਂ ਕਾਰਨ ਹਾਜ਼ਰੀਨ ਸੰਗਤਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਿਹਾ। ਇਸ ਮੌਕੇ ਪ੍ਰਸਾਸਨ ਵੱਲੋਂ ਹਾਜ਼ਰੀਨ ਸੰਗਤ ਲਈ ਸੁਰੱਖਿਆ, ਪਾਰਕਿੰਗ ਵਿਵਸਥਾ, ਪੀਣ ਵਾਲੇ ਸਾਫ ਪਾਣੀ ਦਾ ਪ੍ਰਬੰਧ, ਬੈਠਣ ਦੀ ਵਿਵਸਥਾ ਦਾ ਵਿਸ਼ੇਸ਼ ਤੌਰ ’ਤੇ ਪ੍ਰਬੰਧ ਕੀਤਾ ਹੋਇਆ ਸੀ। ਇਸ ਮੌਕੇ ਉਪ ਮੰਡਲ ਮੈਜਿਸਟਰੇਟ ਤਲਵੰਡੀ ਸਾਬੋ ਸ੍ਰੀਮਤੀ ਵੀਰਪਾਲ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਾਰਟੀ ਅਹੁਦੇਦਾਰ, ਪਿੰਡਾਂ ਦੇ ਸਰਪੰਚ, ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

### ਗੁਰੂ ਰਵਿਦਾਸ ਜੀ ਦੇ ਦਰਸਾਏ ਮਾਰਗ ਉਤੇ ਚੱਲਿਆ ਜਾਵੇ- ਚੀਫ਼ ਵਿੱਪ ਬਲਜਿੰਦਰ ਕੌਰ, ਕਿਹਾ, ਸੂਬਾ ਸਰਕਾਰ ਹਰ ਧਰਮ ਦਾ ਕਰਦੀ ਹੈ ਪੂਰਾ ਸਤਿਕਾਰ

ਆਵਾਜ਼ਿ ਕੌਮ AWAZE QAUM International Newspaper & WEB TV

# ਪੈਰਿਸ ਦੇ ਬੋਬੀਨੀ ਗੁਰਦੁਆਰਾ ਸਾਹਿਬ ਵਿਖੇ ਭਾਈ ਦਿਲਾਵਰ ਸਿੰਘ ਦੀ 31ਵੀਂ ਬਰਸੀ ਮਨਾਈ



**ਪੈਰਿਸ, 2 ਸਤੰਬਰ (ਸਰਬਜੀਤ ਸਿੰਘ ਬਨੂੜ)**-ਫਰਾਂਸ ਦੀ ਰਾਜਧਾਨੀ ਪੈਰਿਸ ਨੇੜੇ ਗੁਰਦੁਆਰਾ ਸਿੰਘ ਸਭਾ ਬੋਬੀਨੀ ਵਿਖੇ ਭਾਈ ਦਿਲਾਵਰ ਸਿੰਘ ਬੱਬਰ ਦੀ 31ਵੀਂ ਬਰਸੀ ਸਬੰਧੀ ਤਿੰਨ ਰੋਜ਼ਾ ਧਾਰਮਿਕ ਸਮਾਗਮ ਕਰਵਾਇਆ ਗਿਆ। ਭਾਈ ਪ੍ਰਸ਼ੋਤਮ ਸਿੰਘ ਬੱਬਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ। 28 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ, ਜਿਨ੍ਹਾਂ ਦੇ ਭੋਗ 30 ਅਗਸਤ ਨੂੰ ਪਾਏ ਗਏ। ਉਪਰੰਤ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਗੁਰਜਿੰਦਰ ਸਿੰਘ ਨੇ ਸ਼ਬਦ ਕੀਰਤਨ ਕੀਤਾ। ਸ੍ਰੀ ਦਰਬਾਰ ਸਾਹਿਬ ਤੋਂ ਆਏ ਭਾਈ ਜੁਗਰਾਜ ਸਿੰਘ ਦੇ ਕੀਰਤਨੀ ਜਥੇ ਨੇ ਵੀ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ। ਭਾਈ ਮਨਜੀਤ ਸਿੰਘ ਮਾਣੂੰਕੇ ਦੇ ਕਵੀਸ਼ਰੀ ਜਥੇ ਨੇ ਭਾਈ ਦਿਲਾਵਰ ਸਿੰਘ ਨਾਲ ਸਬੰਧਤ ਪ੍ਰਸੰਗ ਅਤੇ ਬੀਰ-ਰਸੀ ਵਾਰਾਂ ਪੇਸ਼ ਕੀਤੀਆਂ। ਸਟੇਜ ਦੀ ਸੇਵਾ ਭਾਈ ਸਤਨਾਮ ਸਿੰਘ ਦੋਆਬਾ ਨੇ ਨਿਭਾਈ। ਬੁਲਾਰਿਆਂ ਨੇ ਪੰਜਾਬ ਦੇ ਖਾੜਕੂਵਾਦ ਦੇ ਦੌਰ, ਕਥਿਤ ਝੂਠੇ ਪੁਲਿਸ ਮੁਕਾਬਲਿਆਂ ਅਤੇ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਦਾ ਜ਼ਿਕਰ ਕਰਦਿਆਂ ਭਾਈ ਦਿਲਾਵਰ ਸਿੰਘ ਦੀ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਮੌਜੂਦਾ ਪੰਥਕ ਅਤੇ ਸਿਆਸੀ ਹਾਲਾਤ ਬਾਰੇ ਵੀ ਵਿਚਾਰ ਸਾਂਝੇ ਕੀਤੇ। ਇਸ ਮੌਕੇ ਭਾਈ ਪ੍ਰਸ਼ੋਤਮ ਸਿੰਘ ਬੱਬਰ ਦੇ ਪੁੱਤਰ ਦਿਆ ਸਿੰਘ ਨੇ ਭਾਈ ਜਗਤਾਰ ਸਿੰਘ ਤਾਰਾ ਵੱਲੋਂ ਭੇਜੀ ਚਿੱਠੀ ਸਟੇਜ ਤੋਂ ਪੜ੍ਹ ਕੇ ਸੁਣਾਈ। ਚਿੱਠੀ ਵਿੱਚ ਭਾਈ ਤਾਰਾ ਨੇ ਭਾਈ ਦਿਲਾਵਰ ਸਿੰਘ ਨੂੰ ਯਾਦ ਕਰਦਿਆਂ ਸਿੱਖ ਕੌਮ ਨੂੰ ਇਕਜੁੱਟ ਹੋਣ ਦਾ ਸੁਨੇਹਾ ਦਿੱਤਾ। ਸਮਾਗਮ ਨੂੰ ਭਾਈ ਬਸੰਤ ਸਿੰਘ ਪੰਜਹੱਥਾ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਫਰਾਂਸ ਦੇ ਪ੍ਰਧਾਨ ਭਾਈ ਚੈਨ ਸਿੰਘ, ਭਾਈ ਦਲਵਿੰਦਰ ਸਿੰਘ ਘੁੰਮਣ, ਸਿੱਖ ਫੈਡਰੇਸ਼ਨ ਫਰਾਂਸ ਦੇ ਆਗੂ ਭਾਈ ਰਘਵੀਰ ਸਿੰਘ ਕੋਹਾੜ ਅਤੇ ਭਾਈ ਸ਼ਿੰਗਾਰਾ ਸਿੰਘ ਮਾਨ ਸਮੇਤ ਵੱਖ-ਵੱਖ ਪੰਥਕ ਬੁਲਾਰਿਆਂ ਨੇ ਸੰਬੋਧਨ ਕੀਤਾ। ਭਾਈ ਦਵਿੰਦਰ ਸਿੰਘ ਬੱਬਰ, ਭਾਈ ਸ਼ਮਸ਼ੇਰ ਸਿੰਘ, ਅਕਾਲੀ ਦਲ ਵਾਰਿਸ ਪੰਜਾਬ ਅਤੇ ਪੰਥਕ ਆਗੂ ਭਾਈ ਗੁਰਦਿਆਲ ਸਿੰਘ ਨੇ ਤਿੰਨੇ ਦਿਨ ਸੇਵਾਵਾਂ ਨਿਭਾਈਆਂ। ਸਮਾਪਤੀ ਮੌਕੇ ਪ੍ਰਬੰਧਕਾਂ ਵੱਲੋਂ ਕੀਰਤਨੀ ਅਤੇ ਕਵੀਸ਼ਰੀ ਜਥਿਆਂ, ਬੁਲਾਰਿਆਂ, ਸੇਵਾਦਾਰਾਂ ਤੇ ਸਮੂਹ ਸੰਗਤ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# 5 ਸਤੰਬਰ ਨੂੰ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਸੂਬਾ ਪੱਧਰੀ ਕਾਲਾ ਦਿਵਸ ਮਨਾਉਣਗੇ ਏਡਿਡ ਅਧਿਆਪਕ

### ਕਾਲੇ ਕੱਪੜੇ ਪਾ ਕੇ ਅਤੇ ਖਾਲੀ ਭਾਂਡੇ ਖੜਕਾ ਕੇ ਸਰਕਾਰ ਦੀਆਂ ਨੀਤੀਆਂ ਵਿਰੁੱਧ ਕੀਤਾ ਜਾਵੇਗਾ ਰੋਸ ਪ੍ਰਦਰਸ਼ਨ, ਤਨਖਾਹਾਂ, ਪੀ.ਪੀ.ਓਜ਼ ਅਤੇ ਏਰੀਅਰ ਤੁਰੰਤ ਜਾਰੀ ਕਰੇ ਪੰਜਾਬ ਸਰਕਾਰ- ਬਿਕਰਮਜੀਤ ਸਿੰਘ ਸਿੱਧੂ, ਸ੍ਰੀਕਾਂਤ ਸ਼ਰਮਾ







ਤਲਵੰਡੀ ਸਾਬੋ, 02 ਸਤੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਦੇ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਏਡਿਡ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ ਪੰਜਾਬ-1967 ਵੱਲੋਂ 5 ਸਤੰਬਰ, ਅਧਿਆਪਕ ਦਿਵਸ ਮੌਕੇ ਸੂਬਾ ਪੱਧਰੀ ਰੋਸ ਧਰਨੇ ਦਾ ਐਲਾਨ ਕੀਤਾ ਗਿਆ ਹੈ। ਇਹ ਧਰਨਾ ਸਵੇਰੇ 10 ਵਜੇ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ (ਆਨੰਦਪੁਰ ਸਾਹਿਬ-ਨੰਗਲ ਰੋਡ) ਵਿਖੇ ਦਿੱਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏਡਿਡ ਸਕੂਲ ਟੀਚਰ ਅਤੇ ਹੋਰ ਕਰਮਚਾਰੀ ਯੂਨੀਅਨ ਦੇ ਬਠਿੰਡਾ ਯੂਨਿਟ ਦੇ ਜ਼ਿਲ੍ਹਾ ਪ੍ਰਧਾਨ ਸ਼੍ਰੀਕਾਂਤ ਸ਼ਰਮਾ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਕਰਮਚਾਰੀ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਿੱਖਿਆ ਵਿਭਾਗ ਅਤੇ ਸਰਕਾਰ ਵੱਲੋਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਢੁੱਕਵਾਂ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਰੁਕੀਆਂ ਤਨਖ਼ਾਹਾਂ ਤੁਰੰਤ ਜਾਰੀ ਕਰਨ, ਸੇਵਾ ਮੁਕਤ ਕਰਮਚਾਰੀਆਂ ਦੇ ਪੀ.ਪੀ.ਓਜ਼ ਜਾਰੀ ਕਰਨ, ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਇਆ ਏਰੀਅਰ ਜਾਰੀ ਕਰਨ ਸਮੇਤ ਹੋਰ ਲੰਬਿਤ ਮੰਗਾਂ ਦੇ ਨਿਪਟਾਰੇ ਲਈ ਯੂਨੀਅਨ ਵੱਲੋਂ ਲਗਾਤਾਰ ਸਰਕਾਰ ਦੇ ਧਿਆਨ ਵਿੱਚ ਮਾਮਲਾ ਲਿਆਂਦਾ ਜਾ ਰਿਹਾ ਹੈ। ਇਸ ਦੇ ਬਾਵਜੂਦ ਮੰਗਾਂ ਦਾ ਹੱਲ ਨਾ ਹੋਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਵਿੱਚ ਭਾਰੀ ਰੋਸ ਹੈ। ਸ਼੍ਰੀਕਾਂਤ ਸ਼ਰਮਾ ਨੇ ਕਿਹਾ ਕਿ ਕਈ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਗੰਭੀਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਰਾਂ ਦੇ ਰੋਜ਼ਾਨਾ ਖਰਚੇ, ਬੱਚਿਆਂ ਦੀ ਪੜ੍ਹਾਈ ਅਤੇ ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਣੀਆਂ ਮੁਸ਼ਕਲ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਲਈ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਸੜਕਾਂ ’ਤੇ ਉਤਰਨਾ ਪੈ ਰਿਹਾ ਹੈ, ਜੋ ਸਰਕਾਰ ਦੀ ਕਾਰਜਪ੍ਰਣਾਲੀ ’ਤੇ ਸਵਾਲ ਖੜ੍ਹੇ ਕਰਦਾ ਹੈ। ਬਿਕਰਮਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਅਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਦੇ ਸੱਦੇ ’ਤੇ 5 ਸਤੰਬਰ ਦੇ ਰੋਸ ਧਰਨੇ ਵਿੱਚ ਸੂਬੇ ਭਰ ਤੋਂ ਅਧਿਆਪਕ ਅਤੇ ਕਰਮਚਾਰੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਰੋਸ ਪ੍ਰਦਰਸ਼ਨ ਦੌਰਾਨ ਅਧਿਆਪਕ ਅਤੇ ਕਰਮਚਾਰੀ ਕਾਲੇ ਕੱਪੜੇ ਪਾ ਕੇ ਅਤੇ ਖਾਲੀ ਭਾਂਡੇ ਖੜਕਾ ਕੇ ਸਰਕਾਰ ਪ੍ਰਤੀ ਆਪਣਾ ਰੋਸ ਪ੍ਰਗਟ ਕਰਨਗੇ। ਇਸ ਤੋਂ ਇਲਾਵਾ ਧਰਨੇ ਵਿੱਚ “ਤਨਖ਼ਾਹਾਂ ਤੁਰੰਤ ਜਾਰੀ ਕਰੋ”, “ਪੀ.ਪੀ.ਓ. ਜਾਰੀ ਕਰੋ” ਅਤੇ “ਏਰੀਅਰ ਤੁਰੰਤ ਜਾਰੀ ਕਰੋ” ਸਮੇਤ ਹੋਰ ਮੰਗਾਂ ਵਾਲੇ ਬੈਨਰ ਅਤੇ ਤਖ਼ਤੀਆਂ ਵੀ ਲਿਆਂਦੀਆਂ ਜਾਣਗੀਆਂ। ਦੋਵਾਂ ਜ਼ਿਲ੍ਹਾ ਆਗੂਆਂ ਨੇ ਬਠਿੰਡਾ ਜ਼ਿਲ੍ਹੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ, ਕਰਮਚਾਰੀਆਂ ਅਤੇ ਯੂਨੀਅਨ ਦੇ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਹੋਂਦ, ਹੱਕਾਂ ਅਤੇ ਭਵਿੱਖ ਦੀ ਰੱਖਿਆ ਲਈ 5 ਸਤੰਬਰ ਨੂੰ ਸਵੇਰੇ 10 ਵਜੇ ਗੰਭੀਰਪੁਰ ਵਿਖੇ ਵੱਡੀ ਗਿਣਤੀ ਵਿੱਚ ਪਹੁੰਚਣ। ਉਨ੍ਹਾਂ ਕਿਹਾ ਕਿ ਯੂਨੀਅਨ ਦੀ ਏਕਤਾ ਅਤੇ ਸੰਘਰਸ਼ ਦੀ ਤਾਕਤ ਨਾਲ ਹੀ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਤਲਵੰਡੀ ਸਾਬੋ ਵਿੱਚ ਸਫਾਈ ਮੁਹਿੰਮ ਦੀ ਸ਼ੁਰੂਆਤ

# ਨਿਸ਼ਾਨੇ ਖਾਲਸਾ ਚੌਂਕ ਦਾ ਆਕਾਰ ਹੋਵੇਗਾ ਛੋਟਾ





ਤਲਵੰਡੀ ਸਾਬੋ, 2 ਸਤੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਨੂੰ ਸਾਫ਼-ਸੁਥਰਾ ਬਣਾਉਣ ਦੇ ਮਕਸਦ ਨਾਲ ਚਲਾਈ ਜਾ ਰਹੀ ਸਫਾਈ ਮੁਹਿੰਮ ਦੇ ਤਹਿਤ ਅੱਜ ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਵੱਲੋਂ ਤਲਵੰਡੀ ਸਾਬੋ ਦੇ ਨਿਸ਼ਾਨੇ ਖਾਲਸਾ ਚੌਂਕ ਤੋਂ ਸ਼ਹਿਰ ਦੀ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸ਼ਹਿਰਾਂ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਅੱਜ ਤਲਵੰਡੀ ਸਾਬੋ ਸ਼ਹਿਰ ਵਿੱਚ ਵੀ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਫਾਈ ਸਿਰਫ਼ ਸਰਕਾਰ ਜਾਂ ਨਗਰ ਕੌਂਸਲ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸ਼ਹਿਰ ਵਾਸੀਆਂ ਨੂੰ ਵੀ ਇਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਲੋਕ ਆਪਣੇ ਆਲੇ-ਦੁਆਲੇ ਸਫਾਈ ਰੱਖਣ ਅਤੇ ਕੂੜਾ-ਕਰਕਟ ਨਿਰਧਾਰਤ ਥਾਵਾਂ 'ਤੇ ਹੀ ਸੁੱਟਣ ਤਾਂ ਜੋ ਸ਼ਹਿਰ ਨੂੰ ਸਾਫ਼-ਸੁਥਰਾ ਰੱਖਿਆ ਜਾ ਸਕੇ। ਨਿਸ਼ਾਨੇ ਖਾਲਸਾ ਚੌਂਕ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਵਿਧਾਇਕਾ ਨੇ ਕਿਹਾ ਕਿ ਨਿਸ਼ਾਨੇ ਖਾਲਸਾ ਚੌਂਕ ਦਾ ਆਕਾਰ ਵੱਡਾ ਹੋਣ ਕਾਰਨ ਇੱਥੇ ਟਰੈਫਿਕ ਦੀ ਸਮੱਸਿਆ ਬਣੀ ਰਹਿੰਦੀ ਹੈ। ਲੋਕਾਂ ਦੀ ਮੰਗ ਅਤੇ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਚੌਂਕ ਦਾ ਆਕਾਰ ਛੋਟਾ ਕਰਨ ਦੀ ਮਨਜ਼ੂਰੀ ਮਿਲ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜਲਦ ਹੀ ਨਿਸ਼ਾਨੇ ਖਾਲਸਾ ਚੌਂਕ ਦਾ ਆਕਾਰ ਛੋਟਾ ਕਰਕੇ ਇੱਥੇ ਟਰੈਫਿਕ ਦੀ ਸਮੱਸਿਆ ਨੂੰ ਹੱਲ ਕਰਨ ਲਈ ਲੋੜੀਂਦੇ ਕੰਮ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਤਲਵੰਡੀ ਸਾਬੋ ਇੱਕ ਇਤਿਹਾਸਕ ਅਤੇ ਧਾਰਮਿਕ ਮਹੱਤਤਾ ਵਾਲਾ ਸ਼ਹਿਰ ਹੈ ਅਤੇ ਇੱਥੇ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਸ਼ਰਧਾਲੂ ਪਹੁੰਚਦੇ ਹਨ। ਇਸ ਲਈ ਸ਼ਹਿਰ ਦੀ ਸਫਾਈ, ਸੁੰਦਰਤਾ ਅਤੇ ਟਰੈਫਿਕ ਵਿਵਸਥਾ ਨੂੰ ਬਿਹਤਰ ਬਣਾਉਣਾ ਸਰਕਾਰ ਦੀ ਤਰਜੀਹ ਹੈ। ਇਸ ਮੌਕੇ ਸਥਾਨਕ ਪ੍ਰਸ਼ਾਸਨ, ਨਗਰ ਕੌਂਸਲ ਦੇ ਅਧਿਕਾਰੀਆਂ ਦਵਿੰਦਰ ਸ਼ਰਮਾ, ਹਰਜੀਤ ਸਿੰਘ ਸਰਾਂ, ਤਰਸੇਮ ਸਿੰਗਲਾ ਸ਼ਹਿਰੀ ਪ੍ਰਧਾਨ ਆਪ ਸਰਪੰਚ ਜਸਵਿੰਦਰ ਕੌਰ ਚੌਧਰੀ ਅਤੇ ਕਰਮਚਾਰੀਆਂ ਤੋਂ ਇਲਾਵਾ ਵੱਖ-ਵੱਖ ਪਤਵੰਤੇ ਅਤੇ ਸਥਾਨਕ ਲੋਕ ਵੀ ਹਾਜ਼ਰ ਸਨ।

## ਜਰਮਨੀ ਦੇ ਗੁਰਦੁਆਰਾ ਸਾਹਿਬਾਨ ਦੀ

# ਅਹਿਮ ਪੰਥਕ ਇਕੱਤਰਤਾ 21 ਸਤੰਬਰ ਨੂੰ



### ਸਿੱਖ ਰਹਿਤ ਮਰਯਾਦਾ, ਮੂਲ ਨਾਨਕਸ਼ਾਹੀ ਕੈਲੰਡਰ ਤੇ ਪੰਥਕ ਇਕਸੁਰਤਾ ਸਬੰਧੀ ਹੋਵੇਗਾ ਵਿਚਾਰ-ਵਟਾਂਦਰਾ

**ਲੰਡਨ/ਸਟੁਟਗਾਰਟ, 2 ਸਤੰਬਰ (ਸਰਬਜੀਤ ਸਿੰਘ ਬਨੂੜ)**-ਜਰਮਨੀ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ, ਸਿੱਖ ਪ੍ਰਚਾਰਕਾਂ ਅਤੇ ਗੁਰਮਤਿ ਨੂੰ ਸਮਰਪਿਤ ਗੁਰਸਿੱਖਾਂ ਦੀ ਅਹਿਮ ਪੰਥਕ ਇਕੱਤਰਤਾ 21 ਸਤੰਬਰ ਨੂੰ ਗੁਰਦੁਆਰਾ ਗੁਰੂ ਨਾਨਕ ਨਿਵਾਸ, ਸਟੁਟਗਾਰਟ ਵਿਖੇ ਹੋਵੇਗੀ। ਇਸ ਸਬੰਧੀ ਭਾਈ ਅਨੂਪ ਸਿੰਘ ਫਰੈਂਕਫਰਟ, ਭਾਈ ਗੁਰਪਾਲ ਸਿੰਘ ਕੋਲੋਨ, ਭਾਈ ਬਲਦੇਵ ਸਿੰਘ ਬਾਜਵਾ ਲਾਇਪਜ਼ਿਗ, ਭਾਈ ਦਿਲਬਾਗ ਸਿੰਘ ਨਿਊਰਨਬਰਗ, ਭਾਈ ਹਰਪ੍ਰੀਤ ਸਿੰਘ ਡਿਊਸਬਰਗ, ਭਾਈ ਮੁਖ਼ਤਿਆਰ ਸਿੰਘ ਕੈਮਨਿਟਜ਼, ਭਾਈ ਉਂਕਾਰ ਸਿੰਘ, ਭਾਈ ਰਵੇਲ ਸਿੰਘ ਸਟੁਟਗਾਰਟ, ਭਾਈ ਤਰਸੇਮ ਸਿੰਘ ਸਾਬਕਾ ਪ੍ਰਧਾਨ ਮਿਊਨਿਖ ਅਤੇ ਭਾਈ ਨਰਿੰਦਰ ਸਿੰਘ ਰੀਗਨਸਬਰਗ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਕੱਤਰਤਾ ਦਾ ਮੁੱਖ ਉਦੇਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਬਉੱਚਤਾ ਅਤੇ ਗੁਰਮਤਿ ਦੇ ਮੂਲ ਸਿਧਾਂਤਾਂ ਦੀ ਪਹਿਰੇਦਾਰੀ ਕਰਦਿਆਂ ਪੰਥਕ ਏਕਤਾ ਤੇ ਆਪਸੀ ਤਾਲਮੇਲ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਕੱਤਰਤਾ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪ੍ਰਮਾਣਿਤ ਸਿੱਖ ਰਹਿਤ ਮਰਯਾਦਾ ਨੂੰ ਗੁਰਦੁਆਰਾ ਸਾਹਿਬਾਨ ਅਤੇ ਸਿੱਖ ਜੀਵਨ ਵਿੱਚ ਸਨਮਾਨ ਸਹਿਤ ਲਾਗੂ ਕਰਨ ਤੋਂ ਇਲਾਵਾ ਮੂਲ ਨਾਨਕਸ਼ਾਹੀ ਕੈਲੰਡਰ ਦੀ ਮਹੱਤਤਾ ਅਤੇ ਇਸ ਸਬੰਧੀ ਪੰਥਕ ਪੱਧਰ 'ਤੇ ਜਾਗਰੂਕਤਾ ਪੈਦਾ ਕਰਨ ਬਾਰੇ ਗੰਭੀਰ ਵਿਚਾਰ-ਚਰਚਾ ਕੀਤੀ ਜਾਵੇਗੀ। ਇਸ ਮੌਕੇ ਜਰਮਨੀ ਦੇ ਗੁਰਦੁਆਰਾ ਸਾਹਿਬਾਨ ਵਿਚਾਲੇ ਗੁਰਮਤਿ ਅਨੁਸਾਰੀ ਤਾਲਮੇਲ ਕਾਇਮ ਕਰਨ, ਨੌਜਵਾਨ ਪੀੜ੍ਹੀ ਨੂੰ ਗੁਰਬਾਣੀ ਅਤੇ ਸਿੱਖ ਵਿਰਸੇ ਨਾਲ ਜੋੜਨ, ਪ੍ਰਚਾਰਕਾਂ ਤੇ ਸੰਗਤ ਵਿਚਾਲੇ ਸਹਿਯੋਗ ਵਧਾਉਣ ਅਤੇ ਮੌਜੂਦਾ ਪੰਥਕ ਚੁਣੌਤੀਆਂ ਦੇ ਹੱਲ ਲਈ ਸਾਂਝੀ ਰਣਨੀਤੀ ਉਲੀਕਣ ਬਾਰੇ ਵੀ ਵਿਚਾਰ ਕੀਤਾ ਜਾਵੇਗਾ। ਪ੍ਰਬੰਧਕਾਂ ਨੇ ਕਿਹਾ ਕਿ ਪੰਥਕ ਏਕਤਾ ਕੇਵਲ ਇਕ ਨਾਅਰਾ ਨਹੀਂ, ਸਗੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਅਤੇ ਗੁਰਮਤਿ ਸਿਧਾਂਤਾਂ ਪ੍ਰਤੀ ਸਾਂਝੀ ਵਚਨਬੱਧਤਾ ਦਾ ਨਾਂ ਹੈ। ਮੱਤਭੇਦਾਂ ਨੂੰ ਟਕਰਾਅ ਦੀ ਥਾਂ ਆਪਸੀ ਸੰਵਾਦ ਰਾਹੀਂ ਸੁਲਝਾ ਕੇ ਸਾਂਝੀ ਪੰਥਕ ਸੋਚ ਅਤੇ ਰਣਨੀਤੀ ਤਿਆਰ ਕਰਨੀ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਜਰਮਨੀ ਦੇ ਸਮੂਹ ਗੁਰਦੁਆਰਾ ਪ੍ਰਬੰਧਕਾਂ, ਸਿੱਖ ਪ੍ਰਚਾਰਕਾਂ ਅਤੇ ਗੁਰਮਤਿ ਪ੍ਰਤੀ ਸੁਹਿਰਦ ਗੁਰਸਿੱਖਾਂ ਨੂੰ ਇਕੱਤਰਤਾ ਵਿੱਚ ਸ਼ਾਮਲ ਹੋ ਕੇ ਆਪਣੇ ਵਿਚਾਰ ਅਤੇ ਸੁਝਾਅ ਦੇਣ ਦੀ ਅਪੀਲ ਕੀਤੀ।

## ਆਪਣੇ ਬਿਆਨਾਂ ਰਾਹੀਂ ਬੀਜੇਪੀ ਨੂੰ ਕੋਸਣ ਵਾਲੀ ਸ਼੍ਰੋਮਣੀ ਅਕਾਲੀ ਦਲ ਅੱਜ ਭਾਜਪਾ ਦੀ ਝੋਲੀ ਵਿੱਚ ਪਈ : ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ ਵਾਲੇ



**ਚੌਕ ਮਹਿਤਾ, 2 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਕੈਂਪਸ ਵਿਦਿਆਰਥੀ ਕੌਂਸਲ ਚੋਣਾਂ ਨੂੰ ਲੈ ਕੇ ਸਿਆਸੀ ਤਕਰਾਰ ਤੇਜ਼ ਹੁੰਦੀ ਦਿਖਾਈ ਦੇ ਰਹੀ ਹੈ ! ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਭਾਈ ਜਸਵੰਤ ਸਿੰਘ ਖਾਲੜਾ ਜੀ ਦੀ ਫਿਲਮ ਆਉਣ ਤੇ ਸ੍ਰੋਮਣੀ ਅਕਾਲੀ ਦਲ ਅਤੇ ਸ੍ਰੋਮਣੀ ਕਮੇਟੀ ਵੱਲੋਂ ਬਹੁਤ ਦੁੱਖ ਪ੍ਰਗਟ ਕੀਤਾ ਗਿਆ ਕਿ ਸਿੱਖ ਕੌਮ ਨਾਲ ਬਹੁਤ ਜੁਲਮ ਹੋਇਆ ਹੈ ਅਤੇ ਲੰਮਾ ਸਮਾਂ ਸ੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਰਾਜਕਾਲ ਸਮੇਂ ਬੰਦੀ ਸਿੰਘਾਂ ਨੂੰ ਕਾਤਲ ਕਹਿੰਦੀ ਰਹੀ ਅਤੇ ਲੰਮਾ ਸਮਾਂ ਰਾਜ ਹੰਢਾਉਣ ਤੋਂ ਬਾਅਦ ਜਦੋਂ ਰਾਜ ਚਲਾ ਗਿਆ ਕੁਰਸੀ ਚਲੀ ਗਈ ਤਾਂ ਪੰਥ ਦਰਦੀ ਬਣ ਗਏ ਅਤੇ ਬੰਦੀ ਸਿੰਘਾਂ ਦੀ ਰਿਹਾਈ ਦਾ ਖਿਆਲ ਵੀ ਆਉਣ ਲਗ ਪਏ ਅਤੇ ਵੱਡੇ ਵੱਡੇ ਬਿਆਨ ਦੇ ਕਿ ਪੰਥ ਦਰਦੀ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਸੀ ਅਤੇ ਭਾਜਪਾ ਨੂੰ ਆਪਣੇ ਬਿਆਨਾਂ ਰਾਹੀਂ ਕੋਸਦੇ ਹੁੰਦੇ ਦਿਖਾਈ ਦਿੰਦੇ ਸਨ ਲੇਕਿਨ ਇਹ ਸਭ ਢੋਂਗ ਰਚਿਆ ਹੋਇਆ ਸੀ ਜੋ ਸਾਹਮਣੇ ਦਿਖਾਈ ਦੇ ਰਿਹਾ ਹੈ ਕਿ ਬੀਤੇ ਦਿਨ ਸੁਖਬੀਰ ਸਿੰਘ ਬਾਦਲ ਨਾਲ ਸਬੰਧਤ ਸ਼੍ਰੋਮਣੀ ਅਕਾਲੀ ਦਲ ਦੇ ਵਿਦਿਆਰਥੀ ਜਥੇਬੰਦੀ SOI ਨੇ ਪੰਜਾਬ ਯੂਨੀਵਰਸਿਟੀ ਵਿਦਿਆਰਥੀ ਕੌਂਸਲ ਚੋਣਾਂਵਿੱਚ ABVP ਸਮਰਥਨ ਦੇਣ ਦਾ ਐਲਾਨ ਕੀਤਾ ਗਿਆ ਹੈ। ਇਸ ਫ਼ੈਸਲੇ ਨੂੰ ਲੈ ਕੇ ਸਿੱਖਿਆ ਅਤੇ ਵਿਦਿਆਰਥੀ ਰਾਜਨੀਤੀ ਨੇ ਸਿਆਸੀ ਗਲਿਆਰਿਆਂ ਵਿੱਚ ਚਰਚਾ ਛੇੜ ਦਿੱਤੀ ਹੈ। ਕਿ ਕੀ ਜਾਣਬੁੱਝ ਕਿ SOI ਦੇ ਉਮੀਦਵਾਰ ਦੀ ਨਾਮਜ਼ਦਗੀ ਰੱਦ ਕੀਤੀ ਗਈ ਹੈ ਅਤੇ ਆਰ ਐਸ ਐਸ ਅਤੇ ਭਾਜਪਾ ਦਾ ਰਸਤਾ ਸਾਫ ਕੀਤਾ ਗਿਆ ਹੈ ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਪਹਿਲਾਂ ਪੰਜਾਬ ਦੇ ਕਿਸਾਨਾਂ ਅਤੇ ਆਮ ਲੋਕਾਂ ਸਾਹਮਣੇ ਆਪਣੇ ਬਿਆਨਾਂ ਰਾਹੀਂ ਭਾਜਪਾ ਨੂੰ ਕੋਸਦੇ ਸਨ ਕਿ ਭਾਜਪਾ ਦੀਆਂ ਨੀਤੀਆਂ ਪੰਜਾਬ ਵਿਰੁੱਧ ਹਨ ਅਤੇ 700 ਕਿਸਾਨਾਂ ਦੀ ਲਾਸ਼ਾਂ ਤੇ ਸਿਆਸਤ ਖੇਡਦਿਆਂ ਹੋਇਆ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਉਸ ਦੀ ਜਿੰਮੇਵਾਰ ਭਾਜਪਾ ਹੈ ਅੱਜ ਇਹੀ ਲੋਕ ਭਾਜਪਾ ਨਾਲ ਜੁੜੀ ਵਿਦਿਆਰਥੀ ਜਥੇਬੰਦੀ 12 ਦੀ ਹਮਾਇਤ ਕਰ ਰਹੀ ਹੈ ਇਥੋਂ ਸਾਫ ਜਾਹਿਰ ਹੁੰਦਾ ਹੈ ਕਿ ਇਹ ਲੋਕ ਦੂਜੀਆਂ ਧਿਰਾਂ ਨੂੰ ਭਾਜਪਾ ਦੀ ਬੀ ਟੀਮ ਕਹਿੰਦੇ ਸਨ ਅਸਲ ਵਿੱਚ ਇਨਾਂ ਦੀ ਆਪਣੀ ਨੀਅਤ ਵਿੱਚ ਖੋਟ ਸੀ !

## ਕੁਰਬਾਨੀਆਂ ਦਾ ਸਤਿਕਾਰ, ਖ਼ਾਲਿਸਤਾਨ ਦਾ ਸੰਕਲਪ: ਰਿੱਚਮੰਡ ਹਿੱਲ 'ਚ ਸ਼ਹੀਦਾਂ ਦੀ ਯਾਦ 'ਚ ਸਜਿਆ ਮਹਾਨ ਸਮਾਗਮ



ਨਵੀਂ ਦਿੱਲੀ, 2 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਗੁਰਦੁਆਰਾ ਸਾਹਿਬ ਸਿੱਖ ਕਲਚਰਲ ਸੋਸਾਇਟੀ, ਰਿੱਚਮੰਡ ਹਿੱਲ, ਨਿਊਯਾਰਕ ਵਿਖੇ ਪੰਥ ਦੇ ਮਹਾਨ ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ, ਸ਼ਹੀਦ ਭਾਈ ਅਨੋਖ ਸਿੰਘ ਬੱਬਰ, ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ, ਸ਼ਹੀਦ ਭਾਈ ਚਰਨਜੀਤ ਸਿੰਘ ਚੰਨਾ ਅਤੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ ਮਹਾਨ ਸ਼ਹੀਦੀ ਸਮਾਗਮ ਸ਼ਰਧਾ ਅਤੇ ਚੜ੍ਹਦੀ ਕਲਾ ਨਾਲ ਕਰਵਾਇਆ ਗਿਆ। ਇਸ ਮੌਕੇ ਪੰਥ ਦੇ ਪ੍ਰਸਿੱਧ ਕਥਾਵਾਚਕਾਂ ਅਤੇ ਬੁਲਾਰਿਆਂ ਨੇ ਸ਼ਹੀਦਾਂ ਦੇ ਸੰਘਰਸ਼ਮਈ ਜੀਵਨ, ਕੌਮ ਪ੍ਰਤੀ ਸਮਰਪਣ ਅਤੇ ਕੁਰਬਾਨੀਆਂ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਕੈਨੇਡਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਈ ਅਮਰੀਕ ਸਿੰਘ ਸੁਨਾਮ ਨੇ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਪੰਥਕ ਸੰਘਰਸ਼ ਦੇ ਵੱਖ-ਵੱਖ ਪੱਖਾਂ ਬਾਰੇ ਆਪਣੇ ਵਿਚਾਰ ਸੰਗਤਾਂ ਨਾਲ ਸਾਂਝੇ ਕੀਤੇ। ਇਸ ਦੌਰਾਨ ਢਾਡੀ ਜਥਿਆਂ ਨੇ ਜੋਸ਼ੀਲੀਆਂ ਢਾਡੀ ਵਾਰਾਂ ਅਤੇ ਕਵੀਸ਼ਰੀ ਜਥਿਆਂ ਨੇ ਕਵੀਸ਼ਰੀ ਰਾਹੀਂ ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਸਿੱਖ ਇਤਿਹਾਸ ਦੀਆਂ ਗਾਥਾਵਾਂ ਸੰਗਤਾਂ ਸਾਹਮਣੇ ਪੇਸ਼ ਕੀਤੀਆਂ। ਸਮਾਗਮ ਦੌਰਾਨ ਖ਼ਾਲਿਸਤਾਨ ਦੀ ਮੰਗ ਅਤੇ ਸਿੱਖ ਕੌਮ ਦੀ ਆਜ਼ਾਦ ਸਿਆਸੀ ਹੋਂਦ ਦੀ ਤਾਂਘ ਨੂੰ ਵੀ ਪ੍ਰਮੁੱਖਤਾ ਨਾਲ ਉਭਾਰਿਆ ਗਿਆ। ਬੁਲਾਰਿਆਂ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਿੱਖ ਕੌਮ ਦੇ ਹੱਕਾਂ, ਪਛਾਣ ਅਤੇ ਆਪਣੇ ਭਵਿੱਖ ਬਾਰੇ ਫ਼ੈਸਲਾ ਕਰਨ ਦੀ ਤਾਂਘ ਨਾਲ ਜੁੜੀਆਂ ਹੋਈਆਂ ਹਨ। ਖ਼ਾਲਿਸਤਾਨ ਸਿੱਖ ਕੌਮ ਲਈ ਸਿਰਫ਼ ਇੱਕ ਭੂਗੋਲਿਕ ਸੰਕਲਪ ਨਹੀਂ, ਸਗੋਂ ਆਪਣੀ ਪਛਾਣ, ਸਵੈ-ਨਿਰਣੇ ਅਤੇ ਸਿਆਸੀ ਹੱਕਾਂ ਨਾਲ ਜੁੜੀ ਇੱਕ ਵਿਚਾਰਧਾਰਕ ਮੰਗ ਵਜੋਂ ਪੇਸ਼ ਕੀਤਾ ਗਿਆ। ਸੰਗਤਾਂ ਵੱਲੋਂ ਸ਼ਹੀਦਾਂ ਦੀ ਯਾਦ ਨੂੰ ਸਤਿਕਾਰ ਸਹਿਤ ਨਮਨ ਕਰਦਿਆਂ ਖ਼ਾਲਿਸਤਾਨ ਦੇ ਸੰਕਲਪ ਨਾਲ ਜੁੜੀ ਆਪਣੀ ਵਚਨਬੱਧਤਾ ਨੂੰ ਵੀ ਦੁਹਰਾਇਆ ਗਿਆ। ਗੁਰਦੁਆਰਾ ਸਾਹਿਬ ਸਿੱਖ ਕਲਚਰਲ ਸੋਸਾਇਟੀ, ਰਿੱਚਮੰਡ ਹਿੱਲ ਦੀ ਮੈਨੇਜਮੈਂਟ, ਸਮੂਹ ਪੰਥਕ ਜਥੇਬੰਦੀਆਂ ਅਤੇ ਸਿੱਖ ਸੰਗਤਾਂ ਨੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕੌਮ ਦਾ ਅਮੁੱਲਾ ਸਰਮਾਇਆ ਦੱਸਦਿਆਂ ਕਿਹਾ ਕਿ ਉਨ੍ਹਾਂ ਦੀ ਯਾਦ ਅਤੇ ਸੰਘਰਸ਼ ਦੀ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਰੋਤ ਬਣੀ ਰਹੇਗੀ। ਸ਼ਹੀਦਾਂ ਦੀ ਯਾਦ, ਕੌਮੀ ਪਛਾਣ ਦੀ ਚੇਤਨਾ ਅਤੇ ਖ਼ਾਲਿਸਤਾਨ ਦੀ ਤਾਂਘ—ਇਹ ਤਿੰਨੇ ਹੀ ਸਿੱਖ ਕੌਮ ਦੇ ਇਤਿਹਾਸਕ ਸੰਘਰਸ਼ ਦੀ ਯਾਦ ਨੂੰ ਜਿਊਂਦਾ ਰੱਖਣ ਵਾਲੇ ਪੱਖ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਤਰੇ ਵਿੱਚ ਮੰਦਰਾਂ ਦਾ ਅਸਤਿਤਵ

# ਪਾਕਿਸਤਾਨ ਵਿੱਚ ਮਿਟਾਈ ਜਾ ਰਹੀ ਧਾਰਮਿਕ ਵਿਰਾਸਤ

ਕੁਝ ਹੀ ਦਿਨ ਪਹਿਲਾਂ ਪਾਕਿਸਤਾਨ ਦੇ ਪੰਜਾਬ ਸੂਬੇ ਦੇ ਮੰਡੀ ਚੂੜਕਾਣਾ ਵਿਖੇ 125 ਸਾਲ ਪੁਰਾਣੇ ਇਤਿਹਾਸਕ ਗੁਰਦੁਆਰਾ ਸਿੰਘ ਸਭਾ ਨੂੰ ਸਥਾਨਕ ਪ੍ਰਸ਼ਾਸਨ ਅਤੇ ਭੂ-ਮਾਫ਼ੀਆ ਦੀ ਕਥਿਤ ਮਿਲੀਭੁਗਤ ਨਾਲ ਢਾਹੇ ਜਾਣ ਦੀ ਖ਼ਬਰ ਸਾਹਮਣੇ ਆਈ ਸੀ। ਇਸ ਮਾਮਲੇ ਦੀ ਸਿਆਹੀ ਸੁੱਕੀ ਵੀ ਨਹੀਂ ਸੀ ਕਿ ਬਲੋਚਿਸਤਾਨ ਦੀ ਰਾਜਧਾਨੀ ਕਵੇਟਾ ਵਿੱਚ ਲਗਭਗ 200 ਸਾਲ ਪੁਰਾਣੇ ਇਤਿਹਾਸਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨੂੰ ਢਾਹ ਕੇ ਉਸ ਦੀ ਥਾਂ ਕਮਰਸ਼ੀਅਲ ਸ਼ਾਪਿੰਗ ਮਾਲ ਬਣਾਉਣ ਦੀ ਖ਼ਬਰ ਆ ਗਈ। ਹੁਣ ਇਸੇ ਕੜੀ ਵਿੱਚ ਪੰਜਾਬ ਸੂਬੇ ਦੇ ਨਾਰੋਵਾਲ ਜ਼ਿਲ੍ਹੇ ਦੇ ਸਿਰਜਾ ਪਿੰਡ ਵਿੱਚ ਸਵਾ ਸੌ ਸਾਲ ਤੋਂ ਵੱਧ ਪੁਰਾਣੇ ਹਿੰਦੂ ਮੰਦਰ ਨੂੰ ਢਾਹੇ ਜਾਣ ਦੀ ਦੁਖਦਾਈ ਖ਼ਬਰ ਸਾਹਮਣੇ ਆਈ ਹੈ।





ਇਹ ਘਟਨਾਵਾਂ ਸਿਰਫ਼ ਤਿੰਨ ਇਮਾਰਤਾਂ ਦੇ ਢਹਿਣ ਦੀਆਂ ਘਟਨਾਵਾਂ ਨਹੀਂ ਹਨ। ਇਹ ਉਸ ਵੱਡੇ ਸਵਾਲ ਵੱਲ ਇਸ਼ਾਰਾ ਕਰਦੀਆਂ ਹਨ ਕਿ ਪਾਕਿਸਤਾਨ ਵਿੱਚ ਹਿੰਦੂਆਂ, ਸਿੱਖਾਂ ਅਤੇ ਹੋਰ ਘੱਟ ਗਿਣਤੀਆਂ ਦਾ ਅਸਤਿਤਵ ਅਤੇ ਉਨ੍ਹਾਂ ਦੀ ਧਾਰਮਿਕ ਤੇ ਇਤਿਹਾਸਕ ਵਿਰਾਸਤ ਕਿੰਨੀ ਸੁਰੱਖਿਅਤ ਹੈ?

ਕਿਸੇ ਵੀ ਦੇਸ਼ ਦੀ ਘੱਟ ਗਿਣਤੀ ਨੀਤੀ ਦੀ ਪਰਖ ਸਿਰਫ਼ ਸੰਵਿਧਾਨ ਦੀਆਂ ਧਾਰਾਵਾਂ ਨਾਲ ਨਹੀਂ ਹੁੰਦੀ। ਇਸ ਦੀ ਅਸਲ ਪਰਖ ਇਸ ਗੱਲ ਤੋਂ ਹੁੰਦੀ ਹੈ ਕਿ ਉਸ ਦੇਸ਼ ਦਾ ਆਮ ਘੱਟ ਗਿਣਤੀ ਨਾਗਰਿਕ ਆਪਣੇ ਧਰਮ, ਧਾਰਮਿਕ ਅਸਥਾਨ, ਜਾਇਦਾਦ ਅਤੇ ਪਛਾਣ ਨੂੰ ਕਿੰਨਾ ਸੁਰੱਖਿਅਤ ਮਹਿਸੂਸ ਕਰਦਾ ਹੈ।

ਵਿਚਾਰ ਆਪੋ-ਆਪਣਾ

ਪਾਕਿਸਤਾਨ ਦਾ ਸੰਵਿਧਾਨ ਗੈਰ-ਮੁਸਲਮਾਨ ਨਾਗਰਿਕਾਂ ਨੂੰ ਧਾਰਮਿਕ ਆਜ਼ਾਦੀ ਅਤੇ ਆਪਣੇ ਧਰਮ ਅਨੁਸਾਰ ਜੀਵਨ ਬਤੀਤ ਕਰਨ ਦੇ ਅਧਿਕਾਰ ਦੀ ਗੱਲ ਕਰਦਾ ਹੈ। ਪਰ ਜ਼ਮੀਨੀ ਹਕੀਕਤ ਕਈ ਵਾਰ ਇਨ੍ਹਾਂ ਸੰਵਿਧਾਨਕ ਗਾਰੰਟੀਆਂ ਨਾਲ ਮੇਲ ਨਹੀਂ ਖਾਂਦੀ। ਖ਼ਾਸ ਤੌਰ 'ਤੇ ਨਾਬਾਲਗ ਹਿੰਦੂ ਅਤੇ ਸਿੱਖ ਲੜਕੀਆਂ ਦੇ ਅਗਵਾ, ਜ਼ਬਰਦਸਤੀ ਧਰਮ ਪਰਿਵਰਤਨ, ਵਿਆਹ ਲਈ ਮਜਬੂਰ ਕਰਨ ਅਤੇ ਧਾਰਮਿਕ ਸਥਾਨਾਂ ਤੇ ਜਾਇਦਾਦਾਂ 'ਤੇ ਕਬਜ਼ਿਆਂ ਸਬੰਧੀ ਲੰਮੇ ਸਮੇਂ ਤੋਂ ਉੱਠ ਰਹੀਆਂ ਸ਼ਿਕਾਇਤਾਂ ਗੰਭੀਰ ਚਿੰਤਾ ਦਾ ਵਿਸ਼ਾ ਹਨ।

ਧਾਰਮਿਕ ਸਥਾਨਾਂ ਦੀ ਸੁਰੱਖਿਆ ਦਾ ਇੱਕ ਵੱਡਾ ਪੱਖ ਉਨ੍ਹਾਂ ਨਾਲ ਜੁੜੀ ਜ਼ਮੀਨ ਹੈ। ਜੇਕਰ ਮੰਦਰ ਜਾਂ ਗੁਰਦੁਆਰੇ ਦੀ ਇਮਾਰਤ ਬਚ ਵੀ ਜਾਵੇ ਪਰ ਉਸ ਦੀ ਜ਼ਮੀਨ 'ਤੇ ਕਬਜ਼ਾ ਹੋ ਜਾਵੇ ਤਾਂ ਕੁਝ ਸਮੇਂ ਬਾਅਦ ਉਸ ਧਾਰਮਿਕ ਸਥਾਨ ਦੀ ਹੋਂਦ ਆਪਣੇ ਆਪ ਖ਼ਤਰੇ ਵਿੱਚ ਪੈ ਜਾਂਦੀ ਹੈ।

ਦੇਸ਼ ਵੰਡ ਤੋਂ ਬਾਅਦ ਵੱਡੀ ਗਿਣਤੀ ਵਿੱਚ ਹਿੰਦੂ ਅਤੇ ਸਿੱਖ ਭਾਰਤ ਆ ਗਏ ਅਤੇ ਪਾਕਿਸਤਾਨ ਵਿੱਚ ਉਨ੍ਹਾਂ ਵੱਲੋਂ ਛੱਡੇ ਗਏ ਮੰਦਰਾਂ, ਗੁਰਦੁਆਰਿਆਂ ਅਤੇ ਹੋਰ ਜਾਇਦਾਦਾਂ ਦੀ ਸੰਭਾਲ ਲਈ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ (5"♦2) ਦੀ ਵਿਵਸਥਾ ਕੀਤੀ ਗਈ। ਭਾਰਤ-ਪਾਕਿਸਤਾਨ ਦਰਮਿਆਨ ਹੋਏ ਸਮਝੌਤਿਆਂ ਅਤੇ ਬਾਅਦ ਦੇ ਕਾਨੂੰਨੀ ਪ੍ਰਬੰਧਾਂ ਦਾ ਮਕਸਦ ਵੀ ਘੱਟ ਗਿਣਤੀਆਂ ਦੇ ਧਾਰਮਿਕ ਸਥਾਨਾਂ ਅਤੇ ਜਾਇਦਾਦਾਂ ਦੀ ਰੱਖਿਆ ਤੇ ਉਨ੍ਹਾਂ ਦਾ ਢੁਕਵਾਂ ਪ੍ਰਬੰਧ ਕਰਨਾ ਸੀ।

ਇਸ ਲਈ ਸਵਾਲ ਸਿਰਫ਼ ਇਹ ਨਹੀਂ ਕਿ ਪਾਕਿਸਤਾਨ ਵਿੱਚ ਕਿੰਨੇ ਮੰਦਰ ਜਾਂ ਗੁਰਦੁਆਰੇ ਹਨ। ਸਵਾਲ ਇਹ ਵੀ ਹੈ ਕਿ ਉਨ੍ਹਾਂ ਦੀ ਜ਼ਮੀਨ ਕਿਸ ਦੇ ਨਾਮ ਹੈ? ਮਾਲਕੀ ਦਾ ਰਿਕਾਰਡ ਕਿੱਥੇ ਹੈ? ਜ਼ਮੀਨ ਤੋਂ ਹੋਣ ਵਾਲੀ ਆਮਦਨ ਕਿੱਥੇ ਖ਼ਰਚ ਹੁੰਦੀ ਹੈ? ਧਾਰਮਿਕ ਸਥਾਨਾਂ ਦੀ ਸੁਰੱਖਿਆ ਕੌਣ ਕਰਦਾ ਹੈ? ਅਤੇ ਜੇਕਰ ਕਿਸੇ ਜਾਇਦਾਦ 'ਤੇ ਨਾਜਾਇਜ਼ ਕਬਜ਼ਾ ਹੋ ਜਾਵੇ ਤਾਂ ਉਸ ਨੂੰ ਹਟਾਉਣ ਦੀ ਜ਼ਿੰਮੇਵਾਰੀ ਕਿਸ ਦੀ ਹੈ?

ਉਪਲਬਧ ਸਰਕਾਰੀ ਅੰਕੜਿਆਂ ਅਨੁਸਾਰ ਪਾਕਿਸਤਾਨ ਵਿੱਚ 14 ਕਾਰਜਸ਼ੀਲ ਅਤੇ 266 ਗੈਰ-ਕਾਰਜਸ਼ੀਲ ਹਿੰਦੂ ਮੰਦਰਾਂ ਅਤੇ 21 ਕਾਰਜਸ਼ੀਲ ਤੇ 51 ਗੈਰ-ਕਾਰਜਸ਼ੀਲ ਗੁਰਦੁਆਰੇ ਹਨ, ਜਦਕਿ ਵਿਆਪਕ ਰਿਕਾਰਡਾਂ ਵਿੱਚ ਲਗਭਗ 1130 ਹਿੰਦੂ ਮੰਦਰਾਂ ਅਤੇ 517 ਗੁਰਦੁਆਰਿਆਂ ਦੀ ਗਿਣਤੀ ਦੱਸੀ ਜਾਂਦੀ ਹੈ। ਇਨ੍ਹਾਂ ਨਾਲ 1,09,404 ਏਕੜ ਵਾਹੀਯੋਗ ਜ਼ਮੀਨ ਅਤੇ 46,499 ਸ਼ਹਿਰੀ ਯੂਨਿਟਾਂ ਮੌਜੂਦ ਹਨ। ਇਨ੍ਹਾਂ ਤੋਂ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਨੂੰ ਲਗਭਗ 650 ਕਰੋੜ ਰੁਪਏ ਦੀ ਸਾਲਾਨਾ ਆਮਦਨ ਹੁੰਦੀ ਹੈ।

ਜੇਕਰ ਇੰਨੀ ਵੱਡੀ ਜਾਇਦਾਦ ਅਤੇ ਆਮਦਨ ਦੇ ਬਾਵਜੂਦ ਕੇਵਲ 14 ਮੰਦਰ ਅਤੇ 21 ਗੁਰਦੁਆਰੇ ਹੀ ਕਾਰਜਸ਼ੀਲ ਹਨ ਅਤੇ ਬਹੁਤ ਸਾਰੇ ਇਤਿਹਾਸਕ ਧਾਰਮਿਕ ਸਥਾਨ ਢਹਿ ਰਹੇ ਹਨ, ਬੰਦ ਪਏ ਹਨ ਜਾਂ ਉਨ੍ਹਾਂ ਦੀਆਂ ਜ਼ਮੀਨਾਂ 'ਤੇ ਕਬਜ਼ਿਆਂ ਦੇ ਦੋਸ਼ ਲੱਗ ਰਹੇ ਹਨ ਤਾਂ ਇਹ ਜਵਾਬਦੇਹੀ ਦਾ ਗੰਭੀਰ ਸਵਾਲ ਹੈ।

ਆਜ਼ਾਦੀ ਤੋਂ ਪਹਿਲਾਂ ਮੁਹੰਮਦ ਅਲੀ ਜਿਨਾਹ ਨੇ ਇਹ ਵਿਸ਼ਵਾਸ ਦਿਵਾਇਆ ਸੀ ਕਿ ਪਾਕਿਸਤਾਨ ਵਿੱਚ ਲੋਕ ਆਪਣੇ-ਆਪਣੇ ਧਾਰਮਿਕ ਸਥਾਨਾਂ ਵਿੱਚ ਜਾਣ ਲਈ ਆਜ਼ਾਦ ਹੋਣਗੇ। ਅੱਜ ਘੱਟ ਗਿਣਤੀਆਂ ਦੇ ਧਾਰਮਿਕ ਸਥਾਨਾਂ ਨਾਲ ਵਾਪਰ ਰਹੀਆਂ ਘਟਨਾਵਾਂ ਇਸ ਵਚਨਬੱਧਤਾ ਦੀ ਭਾਵਨਾ 'ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ।

ਪਾਕਿਸਤਾਨ ਵਿੱਚ ਹਿੰਦੂ ਮੰਦਰਾਂ ਦੀ ਤੋੜਫੋੜ ਅਤੇ ਬੇਅਦਬੀ ਦੀਆਂ ਕਈ ਘਟਨਾਵਾਂ ਪਹਿਲਾਂ ਵੀ ਸਾਹਮਣੇ ਆ ਚੁੱਕੀਆਂ ਹਨ। 2014 ਵਿੱਚ ਡੇਰਾ ਇਸਮਾਈਲ ਖ਼ਾਨ ਵਿੱਚ ਇਤਿਹਾਸਕ ਕਾਲੀ ਬਾਰੀ ਮੰਦਰ ਨੂੰ ਤਾਜ ਹੋਟਲ ਵਜੋਂ ਬਦਲਣ ਅਤੇ ਹਿੰਦੂ ਸ਼ਮਸ਼ਾਨ ਘਾਟ ਦੀ ਜ਼ਮੀਨ 'ਤੇ ਕਥਿਤ ਕਬਜ਼ੇ ਦੇ ਮਾਮਲੇ ਸਾਹਮਣੇ ਆਏ। 2017 ਵਿੱਚ ਪਾਕਿਸਤਾਨ ਦੀ ਸੁਪਰੀਮ ਕੋਰਟ ਵਿੱਚ ਕਟਾਸ ਰਾਜ ਮੰਦਰਾਂ ਨਾਲ ਸਬੰਧਤ ਮਾਮਲੇ ਦੀ ਸੁਣਵਾਈ ਦੌਰਾਨ ਮੂਰਤੀਆਂ ਦੇ ਗਾਇਬ ਹੋਣ ਅਤੇ ਮੰਦਰ ਪ੍ਰਬੰਧਨ ਨਾਲ ਜੁੜੇ ਗੰਭੀਰ ਸਵਾਲ ਉੱਠੇ।

2020 ਵਿੱਚ ਬਾਦਿਨ ਅਤੇ ਨਾਗਾਰਪਾਰਕਰ ਸਮੇਤ ਵੱਖ-ਵੱਖ ਥਾਵਾਂ 'ਤੇ ਮੰਦਰਾਂ ਦੀ ਤੋੜਫੋੜ ਅਤੇ ਮੂਰਤੀਆਂ ਖੰਡਿਤ ਕਰਨ ਦੀਆਂ ਘਟਨਾਵਾਂ ਸਾਹਮਣੇ ਆਈਆਂ। ਸਿੰਧ ਦੇ ਖਿਪਰੋ ਵਿੱਚ ਕ੍ਰਿਸ਼ਨ ਜਨਮ ਅਸ਼ਟਮੀ ਮਨਾ ਰਹੇ ਹਿੰਦੂ ਸ਼ਰਧਾਲੂਆਂ 'ਤੇ ਹਮਲਾ ਅਤੇ ਮੰਦਰ ਦੀ ਤੋੜਫੋੜ, ਜਦਕਿ ਪੰਜਾਬ ਦੇ ਭੋਂਗ, ਜ਼ਿਲ੍ਹਾ ਰਹੀਮ ਯਾਰ ਖ਼ਾਨ ਵਿੱਚ ਗਣੇਸ਼ ਮੰਦਰ 'ਤੇ ਹਿੰਸਕ ਭੀੜ ਵੱਲੋਂ ਹਮਲਾ ਵੀ ਚਰਚਾ ਵਿੱਚ ਰਿਹਾ।

ਖ਼ੈਬਰ ਪਖ਼ਤੂਨਖ਼ਵਾ ਦੇ ਕਰਕ ਜ਼ਿਲ੍ਹੇ ਦੇ ਟੇਰੀ ਪਿੰਡ ਵਿੱਚ ਵੀ ਮੰਦਰ ਦੀ ਤੋੜਫੋੜ ਅਤੇ ਅੱਗਜ਼ਨੀ ਦੀ ਘਟਨਾ ਨੇ ਦੁਨੀਆ ਦਾ ਧਿਆਨ ਖਿੱਚਿਆ। ਇਨ੍ਹਾਂ ਘਟਨਾਵਾਂ ਤੋਂ ਇਲਾਵਾ ਲਾਹੌਰ ਦੇ ਜੈਨ ਮੰਦਰ, ਅਨਾਰਕਲੀ ਬਜ਼ਾਰ ਦੇ ਬੰਸੀਧਰ ਮੰਦਰ ਅਤੇ ਸ਼ੀਤਲਾ ਦੇਵੀ ਮੰਦਰ ਸਮੇਤ ਕਈ ਹੋਰ ਇਤਿਹਾਸਕ ਧਾਰਮਿਕ ਸਥਾਨਾਂ ਨੂੰ ਵੀ ਸਮੇਂ-ਸਮੇਂ 'ਤੇ ਨੁਕਸਾਨ ਪਹੁੰਚਣ ਦੀਆਂ ਰਿਪੋਰਟਾਂ ਆਈਆਂ ਹਨ।

ਇਹ ਘਟਨਾਵਾਂ ਵੱਖ-ਵੱਖ ਸਮਿਆਂ ਅਤੇ ਥਾਵਾਂ 'ਤੇ ਵਾਪਰੀਆਂ ਹੋਣ ਦੇ ਬਾਵਜੂਦ ਇੱਕ ਸਾਂਝਾ ਸਵਾਲ ਜ਼ਰੂਰ ਛੱਡਦੀਆਂ ਹਨ—ਕੀ ਪਾਕਿਸਤਾਨ ਵਿੱਚ ਘੱਟ ਗਿਣਤੀਆਂ ਦੇ ਧਾਰਮਿਕ ਸਥਾਨਾਂ ਦੀ ਰੱਖਿਆ ਲਈ ਮੌਜੂਦਾ ਪ੍ਰਬੰਧ ਕਾਫ਼ੀ ਹਨ?

ਪਾਕਿਸਤਾਨ ਵਿੱਚ ਹਿੰਦੂ ਮੰਦਰਾਂ ਦੇ ਪ੍ਰਬੰਧਨ, ਪੂਜਾ-ਪਾਠ, ਵਿਦੇਸ਼ਾਂ ਤੋਂ ਆਉਣ ਵਾਲੇ ਹਿੰਦੂ ਸ਼ਰਧਾਲੂਆਂ ਦੀ ਯਾਤਰਾ, ਰਹਿਣ-ਸਹਿਣ ਅਤੇ ਸੁਰੱਖਿਆ ਆਦਿ ਲਈ ਦਸੰਬਰ 2021 ਵਿੱਚ ਪਾਕਿਸਤਾਨ ਹਿੰਦੂ ਮੰਦਰ ਪ੍ਰਬੰਧਕ ਕਮੇਟੀ ਬਣਾਈ ਗਈ ਸੀ। ਇਹ ਪ੍ਰਬੰਧ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਤਰਜ਼ 'ਤੇ 5"♦2 ਦੇ ਅਧੀਨ ਕੀਤਾ ਗਿਆ।

ਪਰ ਸਿਰਫ਼ ਕਮੇਟੀਆਂ ਬਣਾਉਣਾ ਕਾਫ਼ੀ ਨਹੀਂ। ਜਦ ਤੱਕ ਇਨ੍ਹਾਂ ਸੰਸਥਾਵਾਂ ਨੂੰ ਅਸਲ ਫ਼ੈਸਲਾ ਲੈਣ ਦੀ ਤਾਕਤ, ਪਾਰਦਰਸ਼ੀ ਵਿੱਤੀ ਪ੍ਰਬੰਧ ਅਤੇ ਆਪਣੀ ਵਿਰਾਸਤ ਦੀ ਰੱਖਿਆ ਲਈ ਪ੍ਰਭਾਵਸ਼ਾਲੀ ਅਧਿਕਾਰ ਨਹੀਂ ਮਿਲਦੇ, ਉਦੋਂ ਤੱਕ ਇਹ ਪ੍ਰਬੰਧ ਕਾਗ.ਜ਼ੀ ਹੀ ਰਹਿਣ ਦਾ ਖ਼ਤਰਾ ਬਣਿਆ ਰਹੇਗਾ।

ਪਾਕਿਸਤਾਨ ਨੂੰ ਇਹ ਸਮਝਣਾ ਹੋਵੇਗਾ ਕਿ ਇੱਕ ਮੰਦਰ ਨੂੰ ਢਾਹੁਣਾ ਕੁਝ ਘੰਟਿਆਂ ਦਾ ਕੰਮ ਹੋ ਸਕਦਾ ਹੈ, ਪਰ ਉਸ ਮੰਦਰ ਨਾਲ ਜੁੜਿਆ ਧ੍ਰੋਹਰ ਤੇ ਇਤਿਹਾਸ ਸਦੀਆਂ ਵਿੱਚ ਬਣਦਾ ਹੈ। ਜੇਕਰ ਕਿਸੇ ਮੰਦਰ ਦੀ ਜਗ੍ਹਾ ਮਦਰਸਾ, ਦੁਕਾਨ, ਮਕਾਨ ਜਾਂ ਕੋਈ ਹੋਰ ਇਮਾਰਤ ਖੜ੍ਹੀ ਕਰ ਦਿੱਤੀ ਜਾਵੇ ਤਾਂ ਨਵੀਂ ਇਮਾਰਤ ਭਾਵੇਂ ਕਿੰਨੀ ਵੀ ਸੁੰਦਰ ਹੋਵੇ, ਮਿਟ ਚੁੱਕਿਆ ਇਤਿਹਾਸ ਵਾਪਸ ਨਹੀਂ ਆਉਂਦਾ।

ਹਿੰਦੂ ਸਿੱਖਾਂ ਨੂੰ ਕਾਫ਼ਰ ਮੰਨਣ ਵਾਲੇ ਇਸਲਾਮਿਕ ਕੱਟੜਪੰਥੀਆਂ ਨੂੰ ਇਹ ਸਮਝਣਾ ਹੋਵੇਗਾ ਕਿ ਧਰਮ ਦੇ ਨਾਮ 'ਤੇ ਕਿਸੇ ਹੋਰ ਧਰਮ ਦੀ ਵਿਰਾਸਤ ਨੂੰ ਮਿਟਾਉਣਾ ਨਾ ਧਰਮ ਦੀ ਜਿੱਤ ਹੈ ਅਤੇ ਨਾ ਹੀ ਰਾਜ ਦੀ ਤਾਕਤ। ਅਸਲ ਤਾਕਤ ਇਹ ਹੈ ਕਿ ਬਹੁਗਿਣਤੀ ਸਮਾਜ ਆਪਣੇ ਨਾਲੋਂ ਕਮਜ਼ੋਰ ਸਮਝੇ ਜਾਂਦੇ ਭਾਈਚਾਰੇ ਦੇ ਹੱਕਾਂ ਦੀ ਵੀ ਉਸੇ ਤਰ੍ਹਾਂ ਰੱਖਿਆ ਕਰੇ, ਜਿਸ ਤਰ੍ਹਾਂ ਉਹ ਆਪਣੇ ਹੱਕਾਂ ਦੀ ਰੱਖਿਆ ਕਰਦਾ ਹੈ।

ਸਰਹੱਦਾਂ ਇਤਿਹਾਸ ਨੂੰ ਨਹੀਂ ਮਿਟਾ ਸਕਦੀਆਂ। ਪਾਕਿਸਤਾਨ ਵਿੱਚ ਮੌਜੂਦ ਗੁਰਦੁਆਰੇ, ਮੰਦਰ ਅਤੇ ਹੋਰ ਧਾਰਮਿਕ ਸਥਾਨ ਕਿਸੇ 'ਦੁਸ਼ਮਣ ਦੀ ਜਾਇਦਾਦ' ਨਹੀਂ, ਸਗੋਂ ਉਸ ਧਰਤੀ ਦੇ ਬਹੁ-ਸਭਿਆਚਾਰਕ ਇਤਿਹਾਸ ਦੀਆਂ ਸਦੀਵੀ ਨਿਸ਼ਾਨੀਆਂ ਹਨ। ਇਨ੍ਹਾਂ ਦੀ ਰੱਖਿਆ ਕਿਸੇ ਭਾਈਚਾਰੇ 'ਤੇ ਅਹਿਸਾਨ ਨਹੀਂ, ਸਗੋਂ ਪਾਕਿਸਤਾਨ ਦੀ ਆਪਣੀ ਇਤਿਹਾਸਕ ਵਿਰਾਸਤ ਦੀ ਰੱਖਿਆ ਹੈ।

ਨਾਰੋਵਾਲ ਜ਼ਿਲ੍ਹੇ ਦੇ ਸਿਰਜਾ ਪਿੰਡ ਵਿੱਚ ਲਗਭਗ 1000 ਵਰਗ ਮੀਟਰ ਵਿੱਚ ਫੈਲਿਆ ਇਹ ਪੁਰਾਣਾ ਮੰਦਰ ਲਾਹੌਰ ਤੋਂ ਕਰੀਬ 130 ਕਿਲੋਮੀਟਰ ਦੂਰ ਹੈ। ਇਸ ਨਾਲ ਲੱਗਦੀ ਜ਼ਮੀਨ ਪਹਿਲਾਂ ਇੱਕ ਮਦਰਸੇ ਲਈ ਲੀਜ਼ 'ਤੇ ਦਿੱਤੀ ਗਈ ਸੀ। ਕਿਰਾਇਆ ਅਦਾ ਨਾ ਹੋਣ ਕਾਰਨ ਲੀਜ਼ ਰੱਦ ਕਰ ਦਿੱਤੀ ਗਈ, ਪਰ ਇਸ ਦੇ ਬਾਵਜੂਦ ਉੱਥੇ ਨਾਜਾਇਜ਼ ਕਬਜ਼ਾ ਬਣਿਆ ਰਿਹਾ। ਹੁਣ ਮਦਰਸੇ ਦੇ ਵਿਸਥਾਰ ਲਈ ਮੰਦਰ ਦੀ ਜ਼ਮੀਨ ਨੂੰ ਸ਼ਾਮਲ ਕਰਨ ਦੇ ਉਦੇਸ਼ ਨਾਲ ਪਾਬੰਦੀਸ਼ੁਦਾ ਕੱਟੜਪੰਥੀ ਇਸਲਾਮੀ ਸੰਗਠਨ ਨਾਲ ਜੁੜੇ ਕੁਝ ਲੋਕਾਂ ਵੱਲੋਂ ਮੰਦਰ ਨੂੰ ਜਾਣਬੁੱਝ ਕੇ ਢਾਹ ਦਿੱਤਾ ਗਿਆ। ਹਾਲਾਂਕਿ ਪਾਕਿਸਤਾਨ ਦੇ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ (5"♦2) ਨਾਲ ਜੁੜੇ ਅਧਿਕਾਰੀਆਂ ਦਾ ਦਾਅਵਾ ਹੈ ਕਿ ਮੰਦਰ ਭਾਰੀ ਮੀਂਹ ਕਾਰਨ ਢਹਿ ਗਿਆ। ਸਵਾਲ ਇਹ ਹੈ ਕਿ ਜੇਕਰ ਮੰਦਰ ਕੁਦਰਤੀ ਕਾਰਨਾਂ ਕਰਕੇ ਢਹਿਆ ਹੈ ਤਾਂ ਇਸ ਦੀ ਸੁਤੰਤਰ ਤਕਨੀਕੀ ਜਾਂਚ ਕਰਵਾਉਣ ਵਿੱਚ ਕੀ ਹਿਚਕ ਹੈ? ਅਤੇ ਜੇਕਰ ਇਹ ਜਾਣਬੁੱਝ ਕੇ ਢਾਹਿਆ ਗਿਆ ਹੈ ਤਾਂ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕਿਉਂ ਨਾ ਹੋਵੇ?

ਦੋਵੇਂ ਹਾਲਾਤਾਂ ਵਿੱਚ ਪਾਕਿਸਤਾਨ ਸਰਕਾਰ ਨੂੰ ਮੰਦਰ ਦੀ ਮੁੜ ਉਸਾਰੀ, ਉਸ ਦੀ ਇਤਿਹਾਸਕ ਵਿਰਾਸਤ ਦੀ ਸੰਭਾਲ ਅਤੇ ਜ਼ਮੀਨ ਦੀ ਕਾਨੂੰਨੀ ਸੁਰੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ। ਇਸ ਦੇ ਨਾਲ ਮੰਦਰ ਦੀ ਜ਼ਮੀਨ ਦੀ ਮਾਲਕੀ, ਲੀਜ਼, ਕਬਜ਼ੇ ਅਤੇ ਰਿਕਾਰਡ ਨੂੰ ਜਨਤਕ ਕੀਤਾ ਜਾਵੇ। 5"♦2 ਦੀਆਂ ਘੱਟਗਿਣਤੀ ਧਾਰਮਿਕ ਜਾਇਦਾਦਾਂ ਦਾ ਸੁਤੰਤਰ ਆਡਿਟ ਕਰਵਾ ਕੇ ਨਾਜਾਇਜ਼ ਕਬਜ਼ਿਆਂ ਦੀ ਨਿਸ਼ਾਨਦੇਹੀ ਅਤੇ ਉਨ੍ਹਾਂ ਨੂੰ ਹਟਾਉਣ ਦੀ ਕਾਰਵਾਈ ਕੀਤੀ ਜਾਵੇ। ਇਤਿਹਾਸਕ ਮੰਦਰਾਂ ਅਤੇ ਗੁਰਦੁਆਰਿਆਂ ਦੀ ਵਿਗਿਆਨਕ ਸੰਭਾਲ ਲਈ ਵਿਸ਼ੇਸ਼ ਵਿਰਾਸਤੀ ਪ੍ਰਬੰਧ ਵੀ ਲਾਜ਼ਮੀ ਹੈ। ਕਿਉਂਕਿ ਹਿੰਦੂ ਮੰਦਰਾਂ ਨੂੰ ਬਚਾਉਣਾ ਸਿਰਫ਼ ਹਿੰਦੂ ਆਸਥਾ ਨੂੰ ਬਚਾਉਣਾ ਨਹੀਂ; ਇਹ ਇਤਿਹਾਸ ਨੂੰ ਬਚਾਉਣਾ ਹੈ, ਵਿਰਾਸਤ ਨੂੰ ਬਚਾਉਣਾ ਹੈ ਅਤੇ ਸਭ ਤੋਂ ਵੱਧ ਇਨਸਾਨੀਅਤ ਨੂੰ ਬਚਾਉਣਾ ਹੈ।

ਇਕ ਆਖ਼ਰੀ ਗਲ, ਪਾਕਿਸਤਾਨ 'ਚ ਇਸਲਾਮ ਖ਼ਿਲਾਫ਼ ਈਸ਼ਿਨੰਦਾ ਲਈ ਤਾਂ ਮੌਤ ਦੀ ਸਜ਼ਾ ਮੁਕੱਰਰ ਹੈ ਪਰ ਗੈਰ ਇਸਲਾਮ ਜਾਂ ਮੰਦਰਾਂ ਦੇ ਹਮਲਾਵਰਾਂ ਖ਼ਿਲਾਫ਼ ਕਾਨੂੰਨ ਦੀ ਅਣਹੋਂਦ ਕਾਰਨ ਕੋਈ ਠੋਸ ਕਾਰਵਾਈ ਨਹੀਂ ਹੁੰਦੀ। ਪਾਕਿਸਤਾਨ ਦੇ ਸਿਆਸੀ ਅਤੇ ਧਾਰਮਿਕ ਆਗੂਆਂ ਵੱਲੋਂ ਹਿੰਦੂ ਸਮਾਜ ਪ੍ਰਤੀ ਜ਼ਿਹਰ ਉਗਲਨ ਨਾਲ ਘੱਟਗਿਣਤੀ ਭਾਈਚਾਰਾ ਜਾਨ ਮਾਲ ਦੀ ਰਾਖੀ ਲਈ ਸੁਰੱਖਿਅਤ ਠਿਕਾਣੇ ਦੀ ਹਮੇਸ਼ਾ ਭਾਲ 'ਚ ਰਹਿੰਦੇ ਹਨ। ਉਹ ਭਾਰਤ 'ਚ ਸ਼ਰਨਾਰਥੀ ਬਣ ਕੇ ਜੀਵਨ ਬਸਰ ਕਰਨਾ ਲੋਚਦੇ ਹਨ। ਡਰ ਤੇ ਸਹਿਮ ਦੇ ਸਾਏ ਹੇਠ ਜੀਅ ਰਹੇ ਹਿੰਦੂ - ਸਿੱਖ ਸਮਾਜ ਨੂੰ ਖਦੇੜਨ ਅਤੇ ਉਨ੍ਹਾਂ ਦੇ ਅਸਤਿਤਵ ਮਿਟਾਉਣ ਲਈ ਧਰਮ ਅਸਥਾਨਾਂ 'ਤੇ ਬੇ ਲਗਾਮ ਹੋ ਕੇ ਹਮਲੇ ਕਰਨ ਵਾਲੇ ਕੱਟੜਪੰਥੀ ਦੀ ਪੁਸ਼ਤ ਪਨਾਹੀ ਹਕੂਮਤ ਵੱਲੋਂ ਕੀਤੀ ਜਾ ਰਹੀ ਹੈ, ਕੀ ਇਹ ਹੀ ਨਵਾਂ ਪਾਕਿਸਤਾਨ ਹੈ? ਇਸ ਦਾ ਜਵਾਬ ਪਾਕਿਸਤਾਨ ਨੂੰ ਜ਼ਰੂਰ ਦੇਣਾ ਚਾਹੀਦਾ ਹੈ।

**— ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ, ਪੰਜਾਬ ਭਾਜਪਾ, 9781355522**

ਆਵਾਜ਼ਿ ਕੌਮ AWAZE QAUM International Newspaper & WEB TV

## ਸ਼ਹੀਦਾਂ ਦੀ ਯਾਦ, ਢਾਡੀ ਵਾਰਾਂ ਦੀ ਗੂੰਜ ਤੇ ਕੌਮੀ ਏਕਤਾ ਦਾ ਸੱਦਾ—ਬੋਬੀਨੀ 'ਚ ਮਨਾਈ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ 31ਵੀਂ ਬਰਸੀ

ਨਵੀਂ ਦਿੱਲੀ 2 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ 31ਵੀਂ ਵਰਸੀ ਗੁਰਦੁਆਰਾ ਸਿੰਘ ਸਭਾ ਬੋਬੀਨੀ, ਪੈਰਿਸ ਵਿਖੇ ਭਾਈ ਪ੍ਰਸ਼ੋਤਮ ਸਿੰਘ ਬੱਬਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਅਤੇ ਪੰਥਕ ਜਜ਼ਬੇ ਨਾਲ ਮਨਾਈ ਗਈ। 28 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ ਅਤੇ 30 ਅਗਸਤ ਨੂੰ ਭੋਗ ਪਾਏ ਗਏ। ਭੋਗ ਉਪਰੰਤ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਗੁਰਜਿੰਦਰ ਸਿੰਘ ਨੇ ਸ਼ਬਦ ਕੀਰਤਨ ਦੀ ਸੇਵਾ ਕੀਤੀ, ਜਦਕਿ ਸ੍ਰੀ ਦਰਬਾਰ ਸਾਹਿਬ ਤੋਂ ਪਹੁੰਚੇ ਭਾਈ ਜੁਗਰਾਜ ਸਿੰਘ ਦੇ ਕੀਰਤਨੀ ਜਥੇ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਉਪਰੰਤ ਭਾਈ ਮਨਜੀਤ ਸਿੰਘ ਮਾਣੂੰਕੇ ਦੇ ਢਾਡੀ ਜਥੇ ਨੇ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਸ਼ਹਾਦਤ ਅਤੇ ਸਿੰਘਾਂ ਦੀਆਂ ਕੁਰਬਾਨੀਆਂ ਦਾ ਪ੍ਰਸੰਗ ਬੀਰ-ਰਸੀ ਢਾਡੀ ਵਾਰਾਂ "ਵਾਂਗ ਸ਼ੇਰ ਦੇ ਦਿਲਾਵਰ ਸਿੰਘ ਦਹਾੜਿਆ, ਬੱਬਰਾਂ ਨੇ ਧੁੰਮਾਂ ਪਾ ਦਿਤੀਆਂ, ਚੁੱਣ ਚੁੱਣ ਕੇ ਗਦਾਰਾਂ ਤਾਂਈ ਮਾਰਿਆ" ਰਾਹੀਂ ਪੇਸ਼ ਕਰਦਿਆਂ ਸੰਗਤਾਂ ਅੰਦਰ ਕੌਮੀ ਜਜ਼ਬਾ ਪ੍ਰਚੰਡ ਕੀਤਾ। ਢਾਡੀ ਵਾਰਾਂ ਦੌਰਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਉਸ ਦੌਰ ਦੇ ਸੰਘਰਸ਼ ਨੂੰ ਬਿਆਨ ਕਰਦੀਆਂ ਵਾਰਾਂ ਨੇ ਮਾਹੌਲ ਨੂੰ ਭਾਵੁਕ ਅਤੇ ਜੋਸ਼ੀਲਾ ਬਣਾ ਦਿੱਤਾ। ਸਟੇਜ ਦੀ ਸੇਵਾ ਭਾਈ ਸਤਨਾਮ ਸਿੰਘ ਦੋਆਬਾ ਨੇ ਸੰਭਾਲੀ ਅਤੇ ਵੱਖ-ਵੱਖ ਪੰਥਕ ਬੁਲਾਰਿਆਂ ਨੂੰ ਆਪਣੇ ਵਿਚਾਰ ਸਾਂਝੇ ਕਰਨ ਦਾ ਮੌਕਾ ਦਿੱਤਾ। ਬੁਲਾਰਿਆਂ ਨੇ ਭਾਈ ਦਿਲਾਵਰ ਸਿੰਘ ਬੱਬਰ ਦੀ ਸ਼ਹਾਦਤ ਨੂੰ ਸਿਜਦਾ ਕਰਦਿਆਂ ਪੰਜਾਬ ਦੇ ਉਸ ਦੌਰ ਦੇ ਹਾਲਾਤ, ਨੌਜਵਾਨਾਂ ਦੀਆਂ ਕੁਰਬਾਨੀਆਂ ਅਤੇ ਪੁਲਿਸ ਕਾਰਵਾਈਆਂ ਦਾ ਜ਼ਿਕਰ ਕੀਤਾ ਅਤੇ ਅੱਜ ਦੇ ਪੰਥਕ ਹਾਲਾਤਾਂ ਬਾਰੇ ਵੀ ਵਿਚਾਰ ਰੱਖੇ। ਇਸ ਮੌਕੇ ਭਾਈ ਪ੍ਰਸ਼ੋਤਮ ਸਿੰਘ ਬੱਬਰ ਦੇ ਭੁਝੰਗੀ ਦਿਆ ਸਿੰਘ ਵੱਲੋਂ ਭਾਈ ਜਗਤਾਰ ਸਿੰਘ ਤਾਰਾ ਦੀ ਭੇਜੀ ਚਿੱਠੀ ਸੰਗਤਾਂ ਦੇ ਰੂਬਰੂ ਪੜ੍ਹੀ ਗਈ। ਚਿੱਠੀ ਰਾਹੀਂ ਭਾਈ ਤਾਰਾ ਨੇ ਆਪਣੇ ਨਾਲ ਵਿਚਰੇ ਸਾਥੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਲਾਸਾਨੀ ਕੁਰਬਾਨੀ ਨੂੰ ਸਿਜਦਾ ਕਰਦਿਆਂ ਕੌਮ ਨੂੰ ਆਪਸੀ ਏਕਤਾ ਅਤੇ ਇਕਜੁੱਟਤਾ ਨਾਲ ਆਪਣੇ ਕੌਮੀ ਟੀਚਿਆਂ ਵੱਲ ਵਧਣ ਦਾ ਸੁਨੇਹਾ ਦਿੱਤਾ। ਸਮਾਗਮ ਦੌਰਾਨ ਭਾਈ ਬਸੰਤ ਸਿੰਘ ਪੰਜਹੱਥਾ, ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਚੈਨ ਸਿੰਘ, ਭਾਈ ਦਲਵਿੰਦਰ ਸਿੰਘ ਘੁੰਮਣ, ਸਿੱਖ ਫੈਡਰੇਸ਼ਨ ਫਰਾਂਸ ਦੇ ਆਗੂ ਭਾਈ ਰਘਵੀਰ ਸਿੰਘ ਕੋਹਾੜ ਅਤੇ ਭਾਈ ਸ਼ਿੰਗਾਰਾ ਸਿੰਘ ਮਾਨ ਨੇ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਭਾਈ ਦਵਿੰਦਰ ਸਿੰਘ ਬੱਬਰ, ਭਾਈ ਸ਼ਮਸ਼ੇਰ ਸਿੰਘ ਅਕਾਲੀ ਦਲ ਵਾਰਿਸ ਪੰਜਾਬ ਅਤੇ ਪੰਥਕ ਆਗੂ ਭਾਈ ਗੁਰਦਿਆਲ ਸਿੰਘ ਨੇ ਤਿੰਨੇ ਦਿਨ ਸਮਾਗਮ ਵਿੱਚ ਆਪਣਾ ਯੋਗਦਾਨ ਪਾਇਆ। ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਸਿੰਘਾਂ ਨੇ ਹਾਜ਼ਰੀ ਭਰਦਿਆਂ ਸ਼ਹੀਦ ਦੀ ਯਾਦ ਨੂੰ ਸਤਿਕਾਰ ਸਹਿਤ ਨਮਨ ਕੀਤਾ। ਅੰਤ ਵਿੱਚ ਸਮਾਗਮ ਦੇ ਪ੍ਰਬੰਧਕਾਂ ਵੱਲੋਂ ਸਹਿਯੋਗ ਕਰਨ ਵਾਲੀਆਂ ਸਮੂਹ ਸੰਗਤਾਂ, ਸੇਵਾਦਾਰਾਂ ਅਤੇ ਪੰਥਕ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

## ਅਮਰੀਕਾ ਬੁੱਕ ਆਫ਼ ਵਰਲਡ ਰਿਕਾਰਡਜ਼ ਵਿੱਚ ਡਾ. ਸਵਰਾਜ ਗਰੋਵਰ ਦਾ ਨਾਮ ਦਰਜ

ਚੌਕ ਮਹਿਤਾ 2 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਯੂਨਾਈਟਿਡ ਸਟੇਟਸ ਆਫ਼ ਅਮਰੀਕਾ ਬੁੱਕ ਆਫ਼ ਵਰਲਡ ਰਿਕਾਰਡਜ਼ ਦੇ ਇੰਟਰਨੈਸ਼ਨਲ ਸੈਕਟਰੀ, ਯੂਐਸਏ ਦੇ ਸ਼੍ਰੀ ਟੌਮ ਵਾਸ਼ਿੰਗਟਨ, ਇੰਟਰਨੈਸ਼ਨਲ ਚੇਅਰਮੈਨ ਡਾ. ਅਵਿਨਾਸ਼ ਡੀ. ਸਕੁੰਡੇ ਅਤੇ ਉਨ੍ਹਾਂ ਦੀ ਵੈਰੀਫਿਕੇਸ਼ਨ ਕਮੇਟੀ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਸਾਲ 1968 ਤੋਂ ਲਗਾਤਾਰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਨਿਸ਼ਕਾਮ ਅਤੇ ਜ਼ਮੀਨੀ ਪੱਧਰ 'ਤੇ ਕੀਤੇ ਜਾ ਰਹੇ ਲੋਕ-ਭਲਾਈ ਦੇ ਕਾਰਜਾਂ ਲਈ ਡਾ. ਸਵਰਾਜ ਗਰੋਵਰ ਦਾ ਨਾਮ ਅਮਰੀਕਾ ਬੁੱਕ ਆਫ਼ ਵਰਲਡ ਰਿਕਾਰਡਜ਼ ਵਿੱਚ ਸ਼ਾਮਲ ਕੀਤਾ ਗਿਆ ਹੈ।




ਡਾ. ਸਵਰਾਜ ਗਰੋਵਰ ਨੇ ਆਪਣੇ ਜੀਵਨ ਦੇ ਲਗਭਗ ਛੇ ਦਹਾਕਿਆਂ ਦੌਰਾਨ 25,000 ਤੋਂ ਵੱਧ ਟੁੱਟੇ ਹੋਏ ਪਰਿਵਾਰਾਂ ਨੂੰ ਜੋੜਨ, ਘਰੇਲੂ ਹਿੰਸਾ, ਭਰੂਣ ਹੱਤਿਆ, ਨਸ਼ਾਖੋਰੀ, ਦਾਜ ਪ੍ਰਥਾ ਅਤੇ ਬਾਲ ਵਿਆਹ ਦੇ ਵਿਰੁੱਧ ਕਾਰਜ ਕਰਨ ਦੇ ਨਾਲ-ਨਾਲ ਦਾਜ ਰਹਿਤ ਵਿਆਹ ਸੰਪੰਨ ਕਰਵਾਉਣ ਅਤੇ ਵਿਧਵਾਵਾਂ ਅਤੇ ਤਲਾਕਸ਼ੁਦਾ ਔਰਤਾਂ ਦੇ ਮੁੜ ਵਿਆਹ ਕਰਵਾ ਕੇ ਉਨ੍ਹਾਂ ਨੂੰ ਨਵੀਂ ਜ਼ਿੰਦਗੀ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਨੇ ਝੁੱਗੀ-ਝੌਂਪੜੀ ਵਾਲੇ ਅਤੇ ਪੇਂਡੂ ਖੇਤਰਾਂ ਵਿੱਚ ਲੋਕ-ਭਲਾਈ ਦੇ ਕਾਰਜ ਕਰਦੇ ਹੋਏ ਹਜ਼ਾਰਾਂ ਲੋੜਵੰਦ ਬੱਚਿਆਂ ਨੂੰ ਮੁਫ਼ਤ ਸਿੱਖਿਆ ਪ੍ਰਦਾਨ ਕੀਤੀ। ਇਸ ਤੋਂ ਇਲਾਵਾ ਬਜ਼ੁਰਗਾਂ, ਦਿਵਿਆਂਗਜਨਾਂ, ਸਿਹਤ, ਵਾਤਾਵਰਣ ਅਤੇ ਸਮਾਜਿਕ ਜਾਗਰੂਕਤਾ ਦੇ ਖੇਤਰਾਂ ਵਿੱਚ ਵੀ ਲਗਾਤਾਰ ਸੇਵਾ ਕਾਰਜ ਕੀਤੇ ਹਨ।

ਉਨ੍ਹਾਂ ਦੀ ਸਮਾਜ ਸੇਵਾ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਵੀ ਵਿਸ਼ੇਸ਼ ਪਹਿਚਾਣ ਮਿਲੀ ਹੈ। ਦੱਖਣੀ ਅਮਰੀਕਾ, ਹਾਲੈਂਡ, ਮੌਰੀਸ਼ਸ, ਚੀਨ, ਸਿੰਗਾਪੁਰ, ਨੇਪਾਲ, ਥਾਈਲੈਂਡ, ਮੈਲਬਰਨ, ਸਿਡਨੀ, ਸ੍ਰੀਲੰਕਾ ਅਤੇ ਮਿਆਂਮਾਰ ਸਮੇਤ ਕਈ ਦੇਸ਼ਾਂ ਅਤੇ ਭਾਰਤ ਦੇ ਲਗਭਗ ਸਾਰੇ ਰਾਜਾਂ ਵਿੱਚ ਉਨ੍ਹਾਂ ਨੂੰ ਵੱਖ-ਵੱਖ ਸਮਾਜਿਕ ਅਤੇ ਲੋਕ-ਭਲਾਈ ਦੇ ਪ੍ਰੋਗਰਾਮਾਂ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸੱਦਾ ਦੇ ਕੇ ਸਨਮਾਨਿਤ ਕੀਤਾ ਜਾ ਚੁੱਕਾ ਹੈ।

ਇਸ ਅੰਤਰਰਾਸ਼ਟਰੀ ਉਪਲਬਧੀ ਨੂੰ ਡਾ. ਸਵਰਾਜ ਗਰੋਵਰ ਨੇ ਭਾਰਤ ਮਾਤਾ ਦੇ ਚਰਨਾਂ ਵਿੱਚ ਸਮਰਪਿਤ ਕਰਦਿਆਂ ਕਿਹਾ ਕਿ ਆਖਰੀ ਸਾਹ ਤੱਕ ਪੀੜਤਾਂ ਦੀ ਪੀੜਾ ਦੂਰ ਕਰਨ ਦਾ ਉਨ੍ਹਾਂ ਦਾ ਸੰਕਲਪ ਜਾਰੀ ਰਹੇਗਾ।

### ਸੰਤ ਬਾਬਾ ਸੱਜਣ ਸਿੰਘ ਦੀ ਸਿਹਤਯਾਬੀ ਜਾਨਣ ਲਈ

# ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਪੰਹੁਚੇ




ਚੌਕ ਮਹਿਤਾ, 2 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ, ਇਤਿਹਾਸਿਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ) ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੇ ਹਸਪਤਾਲ ਤੋਂ ਵਾਪਸ ਪਰਤਣ ਉਪਰੰਤ ਇਲਾਕੇ ਦੀਆਂ ਧਾਰਮਿਕ ਸਖਸ਼ੀਅਤਾਂ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਉਨਾਂ ਦੀ ਸਿਹਤ ਦਾ ਹਾਲ ਜਾਣਿਆਂ। ਜਿਕਰਯੋਗ ਹੈ ਕਿ ਪਿਛਲੇ ਦਿਨੀਂ ਸੰਤ ਬਾਬਾ ਸੱਜਣ ਸਿੰਘ ਜੀ ਬਿਮਾਰ ਹੋਣ ਕਾਰਨ ਹਸਪਤਾਲ ਦਾਖਲ ਸਨ। ਅੱਜ ਇਥੇ ਮੁੱਖ ਤੌਰ 'ਤੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਬਾਬਾ ਗਿਆਨੀ ਹਰਨਾਮ ਸਿੰਘ ਖਾਲਸਾ ਖਾਲਸਾ ਭਿੰਡਰਾਂਵਾਲੇ ਵਾਲਿਆਂ ਨੇ ਸੰਤ ਬਾਬਾ ਸੱਜਣ ਸਿੰਘ ਜੀ ਹਾਲ ਚਾਲ ਪੁੱਛਿਆ ਫਿਰ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਪਾਵਨ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਉਨ੍ਹਾਂ ਦੇ ਨਾਲ ਸੰਤ ਸਮਾਜ ਦੇ ਮੁੱਖ ਬੁਲਾਰੇ ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ, ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਦੇ ਮੌਜੂਦਾ ਮੁੱਖੀ ਸੰਤ ਬਾਬਾ ਗੁਰਦੇਵ ਸਿੰਘ, ਸੰਤ ਬਾਬਾ ਗੁਰਦੀਦਾਰ ਸਿੰਘ ਭੂਰੀ ਵਾਲੇ, ਗੁਰਦੁਆਰਾ ਅੰਗੀਠਾ ਸਾਹਿਬ ਨਿੱਕੇ ਘੁੰਮਣਾ ਦੇ ਮੌਜੂਦਾ ਮੁੱਖੀ ਸੰਤ ਬਾਬਾ ਬੁੱਧ ਸਿੰਘ ਜੀ ਸਪੁੱਤਰ ਐਡਵੋਕੇਟ ਲੋਕਦੀਪ ਸਿੰਘ ਘੁੰਮਣ, ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਦਮਦਮੀ ਟਕਸਾਲ ਦੇ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ ਦਮਦਮੀ ਟਕਸਾਲ ਵਾਲੇ,ਸੰਤ ਬਾਬਾ ਕਵਲਜੀਤ ਸਿੰਘ ਗੁਰਦੁਆਰਾ ਨਾਗੀਆਨਾ ਸਾਹਿਬ ਉਦੋਕੇ, ਸੰਤ ਬਾਬਾ ਤਰਨਜੀਤ ਸਿੰਘ ਨਿੱਕੇ ਘੁੰਮਣਾ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਸੰਤ ਬਾਬਾ ਗੁਰਿੰਦਰ ਸਿੰਘ ਝੂਲਣੇ ਮਹਿਲ,ਸੰਤ ਬਾਬਾ ਸ਼ਿਵੰਦਰ ਸਿੰਘ ਟਾਹਲੀ ਸਾਹਿਬ ਵਾਲੇ , ਬਾਬਾ ਸੁਖਵੰਤ ਸਿੰਘ ਚੰਨਣਕੇ, ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਕਾਲਾ ਸਰਪੰਚ,ਆਦਿ ਹੋਰ ਅਨੇਕਾਂ ਸੰਗਤਾਂ ਹਾਜ਼ਰ ਸਨ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਦੇ ਜਲਦ ਸਿਹਤਯਾਬ ਹੋਣ ਲਈ ਅਰਦਾਸ ਬੇਨਤੀ ਕੀਤੀ, ਇਸ ਮੌਕੇ ਤੇ ਪ੍ਰਿੰਸੀਪਲ ਗੁਰਸੇਵਕ ਸਿੰਘ, ਹਰਪ੍ਰੀਤ ਸਿੰਘ ਵਿੱਕੀ ਬਟਾਲਾ, ਰਣਜੀਤ ਸਿੰਘ ਰਾਣਾ ਬਾਠ (ਬਾਬੋਵਾਲ), ਹੈੱਡ ਗ੍ਰੰਥੀ ਭਾਈ ਸੁਲੱਖਣ ਸਿੰਘ, ਬਾਬਾ ਰਾਜਾ ਬੁਲਾਰੀਆ, ਭਾਈ ਜੱਸਾ ਸਿੰਘ ਤੇ ਭਾਈ ਜਗਰੂਪ ਸਿੰਘ ਬੋਪਾਰਾਏ ਸਮੇਤ ਹੋਰਨਾਂ ਪ੍ਰਮੁੱਖ ਸਖਸ਼ੀਅਤਾਂ ਨੇ ਵੀ ਸੰਤ ਬਾਬਾ ਸੱਜਣ ਸਿੰਘ ਜੀ ਦੀ ਤੰਦਰੁਸਤੀ ਦੀ ਕਾਮਨਾ ਕੀਤੀ।



### ਸਿਹਤ ਵਿਭਾਗ ਵੱਲੋ ਐਨ.ਜੀ.ਓ. ਵਰਲਡ ਹੈਲਥ ਪਾਰਟਨਰਜ਼ ਅਤੇ ਸਾਥੀ ਦੇ ਸਹਿਯੋਗ ਨਾਲ

# ਬਾਲ ਟੀ.ਬੀ. ਨੋਟੀਫਿਕੇਸ਼ਨ ਨੂੰ ਮਜ਼ਬੂਤ ਕਰਨ ਲਈ ਵਰਕਸ਼ਾਪ ਦਾ ਆਯੋਜਨ



**ਚੌਕ ਮਹਿਤਾ, 2 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਵੱਲੋ ਸਿਵਲ ਸਰਜਨ ਡਾ ਰਸ਼ਮੀ ਵਿੱਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਬੱਚਿਆਂ ਵਿੱਚ ਟੀ.ਬੀ. ਦੇ ਮਾਮਲਿਆਂ ਦੀ ਪਹਿਚਾਣ, ਰੈਫਰਲ ਅਤੇ ਨੋਟੀਫਿਕੇਸ਼ਨ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਵਰਲਡ ਹੈਲਥ ਪਾਰਟਨਰਜ਼ ਅਤੇ ਸਾਥੀ ਟੀਮ ਦੇ ਵਲੋਂ ਜ਼ਿਲ੍ਹਾ ਟੀ.ਬੀ. ਅਫ਼ਸਰ ਡਾ. ਵਿਜੇ ਗੋਤਵਾਲ ਦੀ ਅਗਵਾਹੀ ਨਾਲ ਸਿਵਲ ਸਰਜਨ ਦਫ਼ਤਰ, ਅੰਮ੍ਰਿਤਸਰ ਵਿਖੇ ਚਾਈਲਡ ਸਟੇਕਹੋਲਡਰ ਕਨਸਲਟੇਸ਼ਨ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ ਨੀਲਮ ਭਗਤ ਨੇ ਕਿਹਾ ਕਿ ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸਬੰਧਤ ਸਟੇਕਹੋਲਡਰਾਂ ਦਰਮਿਆਨ ਬਿਹਤਰ ਤਾਲਮੇਲ ਅਤੇ ਸਹਿਯੋਗ ਸਥਾਪਤ ਕਰਕੇ ਬਾਲ ਟੀ.ਬੀ. ਨੋਟੀਫਿਕੇਸ਼ਨ ਵਿੱਚ ਵਾਧਾ ਕਰਨਾ ਹੈ। ਭਾਰਤ ਸਰਕਾਰ ਵੱਲੋਂ ਨਿਰਧਾਰਤ ਟੀਚੇ ਅਨੁਸਾਰ ਬੱਚਿਆਂ ਵਿੱਚ ਟੀ.ਬੀ. ਨੋਟੀਫਿਕੇਸ਼ਨ, ਬਾਲਗ ਟੀ.ਬੀ. ਨੋਟੀਫਿਕੇਸ਼ਨ ਦੇ ਲਗਭਗ 11 ਫੀਸਦੀ ਦੇ ਬਰਾਬਰ ਹੋਣਾ ਚਾਹੀਦਾ ਹੈ। ਇਸ ਸਮੇਂ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਬਾਲ ਟੀ.ਬੀ. ਨੋਟੀਫਿਕੇਸ਼ਨ ਲਗਭਗ 7 ਫੀਸਦੀ ਹੈ, ਜਿਸ ਕਾਰਨ ਸੰਭਾਵਿਤ ਟੀ.ਬੀ. ਵਾਲੇ ਬੱਚਿਆਂ ਦੀ ਸਮੇਂ ਸਿਰ ਪਹਿਚਾਣ, ਰੈਫਰਲ ਅਤੇ ਜਾਂਚ ਲਈ ਹੋਰ ਯਤਨਾਂ ਦੀ ਲੋੜ ਹੈ।

ਡਾ. ਨਰਿੰਦਰ ਕੁਮਾਰ ਨੇ ਵਰਕਸ਼ਾਪ ਵਿੱਚ ਭਾਗ ਲੈਂਦਿਆਂ ਬੱਚਿਆਂ ਲਈ ਟੀ.ਬੀ. ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।

ਨੋਡਲ ਅਫਸਰ ਆਰ.ਬੀ.ਐਸ.ਕੇ. ਡਾ. ਨੇਹਾ ਨੇ ਭਰੋਸਾ ਦਿਵਾਇਆ ਕਿ ਸਕੂਲ ਹੈਲਥ ਪ੍ਰੋਗਰਾਮ ਤਹਿਤ ਰਾਸ਼ਟਰੀ ਬਾਲ ਸਵਾਸਥਿਆ ਕਾਰਜਕ੍ਰਮ ਰਾਹੀਂ ਟੀ.ਬੀ. ਦੇ ਲੱਛਣਾਂ ਵਾਲੇ ਬੱਚਿਆਂ ਦੀ ਪਹਿਚਾਣ ਅਤੇ ਰੈਫਰਲ ਲਈ ਲਗਾਤਾਰ ਸਹਿਯੋਗ ਦਿੱਤਾ ਜਾਵੇਗਾ।

ਸ੍ਰੀ ਅਮਿਤ ਗੋਦਾਨ ਰੀਜਨਲ ਪ੍ਰੋਗਰਾਮ ਸਪੈਸ਼ਿਲਸਟ ਸਾਥੀ ਨੇ ਪ੍ਰੋਗਰਾਮ ਦੀਆਂ ਮੁੱਖ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਮੈਡੀਕਲ ਅਫ਼ਸਰਾਂ ਅਤੇ ਜ਼ਮੀਨੀ ਪੱਧਰ ਦੇ ਸਿਹਤ ਕਰਮਚਾਰੀਆਂ ਦੀ ਸਮਰੱਥਾ ਵਧਾਉਣ ਅਤੇ ਜਾਗਰੂਕ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ, ਤਾਂ ਜੋ ਟੀ.ਬੀ. ਦੀ ਪਹਿਚਾਣ, ਰੈਫਰਲ ਅਤੇ ਨੋਟੀਫਿਕੇਸ਼ਨ ਨੂੰ ਮਜ਼ਬੂਤ ਕੀਤਾ ਜਾ ਸਕੇ। ਵਰਲਡ ਹੈਲਥ ਪਾਰਟਨਰਜ਼ ਵੱਲੋਂ ਸ੍ਰੀ ਸੁਖਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਥੀ ਪ੍ਰੋਗਰਾਮ ਅਗਸਤ 2024 ਤੋਂ ਪੰਜਾਬ ਦੇ ਛੇ ਜ਼ਿਲ੍ਹਿਆਂ ਵਿੱਚ ਚਲਾਇਆ ਜਾ ਰਿਹਾ ਹੈ। ਪ੍ਰੋਗਰਾਮ ਅਧੀਨ ਆਸ਼ਾ ਵਰਕਰਾਂ, ਏ.ਐਨ.ਐਮ. ਅਤੇ ਹੋਰ ਜ਼ਮੀਨੀ ਪੱਧਰ ਦੇ ਸਿਹਤ ਕਰਮਚਾਰੀਆਂ ਨੂੰ ਸਿਖਲਾਈ ਦਿੱਤੀ ਗਈ ਹੈ।

ਵਰਕਸ਼ਾਪ ਦੇ ਅੰਤ ਵਿੱਚ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਵਲੋਂ ਸਿਹਤ ਵਿਭਾਗ ਅਤੇ ਸਿਵਲ ਸਰਜਨ ਦਫ਼ਤਰ ਅਮ੍ਰਿਤਸਰ ਵੱਲੋਂ ਲਗਾਤਾਰ ਸਹਿਯੋਗ ਦਾ ਭਰੋਸਾ ਦਿਵਾਉਂਦਿਆਂ ਸਾਰੇ ਵਿਭਾਗਾਂ ਅਤੇ ਸਿਹਤ ਸੇਵਾ ਪ੍ਰਦਾਤਾਵਾਂ ਨੂੰ ਸੰਭਾਵਿਤ ਟੀ.ਬੀ. ਵਾਲੇ ਬੱਚਿਆਂ ਦੀ ਸਰਗਰਮੀ ਨਾਲ ਪਹਿਚਾਣ ਅਤੇ ਰੈਫਰਲ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ।

# ਪ੍ਰਕਟਾ ਯੂਨੀਅਨ ਦਾ ਵਫ਼ਦ ਤਲਵੰਡੀ ਸਾਬੋ ਪਹੁੰਚਿਆ; ਕੰਟਰੈਕਟ ਅਧਿਆਪਕਾਂ ਦੇ ਬਾਈਕਾਟ ਅਤੇ ਧਰਨੇ ਨੂੰ ਦਿੱਤਾ ਪੂਰਨ ਸਮਰਥਨ



## ਕੰਟਰੈਕਟ ਅਧਿਆਪਕਾਂ ਦੀਆਂ ਜਾਇਜ਼ ਮੰਗਾਂ ਤੁਰੰਤ ਮੰਨਣ ਦੀ ਮੰਗ; ਮੰਗਾਂ ਨਾ ਮੰਨਣ 'ਤੇ ਸੰਘਰਸ਼ ਹੋਰ ਤਿੱਖਾ ਕਰਨ ਦੀ ਚਿਤਾਵਨੀ

ਤਲਵੰਡੀ ਸਾਬੋ, 02 ਸਤੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਕੰਟਰੈਕਟ ਟੀਚਰਜ਼ ਐਸੋਸੀਏਸ਼ਨ ਦਾ ਇੱਕ ਉੱਚ ਪੱਧਰੀ ਵਫ਼ਦ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਵਿਸ਼ੇਸ਼ ਤੌਰ 'ਤੇ ਗੁਰੂ ਕਾਸ਼ੀ ਕੈਂਪਸ, ਤਲਵੰਡੀ ਸਾਬੋ ਵਿਖੇ ਕੰਟਰੈਕਟ ਅਧਿਆਪਕਾਂ ਵੱਲੋਂ ਚਲਾਏ ਜਾ ਰਹੇ ਧਰਨੇ ਵਿੱਚ ਸ਼ਾਮਲ ਹੋਣ ਲਈ ਪਹੁੰਚਿਆ। ਵਫ਼ਦ ਵਿੱਚ ਪ੍ਰਧਾਨ ਪ੍ਰੋ. ਤਰਨਜੀਤ ਕੌਰ, ਵਾਈਸ ਪ੍ਰਧਾਨ ਡਾ. ਸੁਰਿੰਦਰ ਸਿੰਘ, ਜਨਰਲ ਸਕੱਤਰ ਡਾ. ਰਮਨਪ੍ਰੀਤ ਸਿੰਘ, ਡਾ. ਗੁਰਜੀਤ ਕੌਰ ਅਤੇ ਡਾ. ਮਨਜੀਤ ਸਿੰਘ ਸ਼ਾਮਲ ਸਨ। ਵਫ਼ਦ ਦੇ ਆਗੂਆਂ ਨੇ ਧਰਨੇ ਵਿੱਚ ਸ਼ਮੂਲੀਅਤ ਕਰਦਿਆਂ ਪ੍ਰਦਰਸ਼ਨਕਾਰੀ ਕੰਟਰੈਕਟ ਸਹਾਇਕ ਪ੍ਰੋਫ਼ੈਸਰਾਂ ਦੇ ਹੌਸਲੇ ਬੁਲੰਦ ਕੀਤੇ ਅਤੇ ਉਨ੍ਹਾਂ ਦੇ ਸੰਘਰਸ਼ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ। ਇਸ ਮੌਕੇ ਸਹਾਇਕ ਪ੍ਰੋਫ਼ੈਸਰ ਲਖਵੀਰ ਸਿੰਘ ਨੇ ਦੱਸਿਆ ਕਿ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਲੰਬੇ ਸਮੇਂ ਤੋਂ ਕੰਟਰੈਕਟ ਅਧਿਆਪਕਾਂ ਦੇ ਬਣਦੇ ਜਾਇਜ਼ ਹੱਕ ਨਾ ਦੇਣ ਦੇ ਰੋਸ ਵਜੋਂ ਗੁਰੂ ਕਾਸ਼ੀ ਕੈਂਪਸ ਦੇ ਸਮੂਹ ਕੰਟਰੈਕਟ ਅਧਿਆਪਕਾਂ ਵੱਲੋਂ ਕਲਾਸਾਂ ਅਤੇ ਹੋਰ ਸੌਂਪੇ ਗਏ ਕੰਮਕਾਜ ਦਾ ਬਾਈਕੌਟ ਕੀਤਾ ਗਿਆ ਹੈ। ਇਸ ਸਬੰਧੀ ਮੰਗ ਪੱਤਰ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਨੂੰ ਵੀ ਸੌਂਪਿਆ ਜਾ ਚੁੱਕਾ ਹੈ। ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਅਧਿਆਪਕਾਂ ਦੀਆਂ ਮੰਗਾਂ ਜਾਇਜ਼ ਹਨ ਅਤੇ ਸੰਘਰਸ਼ ਕਾਰਨ ਯੂਨੀਵਰਸਿਟੀ ਪ੍ਰਸ਼ਾਸਨ 'ਤੇ ਮੰਗਾਂ ਦੇ ਹੱਲ ਲਈ ਦਬਾਅ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀਆਂ ਮੁੱਖ ਮੰਗਾਂ ਵਿੱਚ ਯੂਜੀਸੀ ਰੈਗੂਲੇਸ਼ਨਜ 2010 ਨੂੰ ਪੂਰੀ ਤਰ੍ਹਾਂ ਲਾਗੂ ਕਰਨਾ, ਯੂਜੀਸੀ ਰੈਗੂਲੇਸ਼ਨਜ 2018 ਦੇ ਕਲਾਊਜ਼ ਨੰਬਰ 13 ਅਨੁਸਾਰ ਕੰਟਰੈਕਟ ਅਧਿਆਪਕਾਂ ਨੂੰ ਰੈਗੂਲਰ ਸਹਾਇਕ ਪ੍ਰੋਫ਼ੈਸਰਾਂ ਦੇ ਬਰਾਬਰ ਗ੍ਰਾਸ ਸੈਲਰੀ ਦੇਣਾ ਅਤੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਰਾਜਨ ਗੋਇਲ ਜਜਮੈਂਟ (30.04.2026) ਨੂੰ ਲਾਗੂ ਕਰਦਿਆਂ ਜੁਆਇਨਿੰਗ ਮਿਤੀ ਤੋਂ ਰੈਗੂਲਰ ਸਕੇਲ ਦੇਣਾ ਸ਼ਾਮਲ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਜੇਕਰ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਮੰਗਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਵਿਆਪਕ ਕੀਤਾ ਜਾਵੇਗਾ। ਉਨ੍ਹਾਂ ਯੂਨੀਵਰਸਿਟੀ ਅਤੇ ਇਸ ਨਾਲ ਸਬੰਧਤ ਕੈਂਪਸਾਂ ਤੇ ਕਾਲਜਾਂ ਵਿੱਚ ਗੇਟ ਬੰਦ ਕਰਕੇ ਰੋਸ ਪ੍ਰਦਰਸ਼ਨ ਕਰਨ ਦੀ ਚਿਤਾਵਨੀ ਵੀ ਦਿੱਤੀ। ਇਸ ਦੌਰਾਨ ਆਗੂਆਂ ਵੱਲੋਂ ਅਤਿਅੰਤ ਕਦਮ ਚੁੱਕਣ ਸਬੰਧੀ ਵੀ ਸਖ਼ਤ ਚਿਤਾਵਨੀ ਦਿੱਤੀ ਗਈ, ਜਿਸ ਦੀ ਜ਼ਿੰਮੇਵਾਰੀ ਉਨ੍ਹਾਂ ਯੂਨੀਵਰਸਿਟੀ ਪ੍ਰਸ਼ਾਸਨ 'ਤੇ ਪਾਉਣ ਦੀ ਗੱਲ ਕਹੀ। ਯੂਨੀਅਨ ਆਗੂਆਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਕੰਟਰੈਕਟ ਅਧਿਆਪਕਾਂ ਦੀਆਂ ਮੰਗਾਂ ਦਾ ਢੁੱਕਵਾਂ ਹੱਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਬਾਈਕਾਟ ਅਤੇ ਧਰਨਾ ਏਕਤਾ ਨਾਲ ਜਾਰੀ ਰਹੇਗਾ।ਇਸ ਮੌਕੇ ਗੁਰੂ ਕਾਸ਼ੀ ਕੈਂਪਸ ਦੇ ਸਮੂਹ ਕੰਟਰੈਕਟ ਸਹਾਇਕ ਪ੍ਰੋਫ਼ੈਸਰ, ਯੂਨੀਅਨ ਦਾ ਵਫ਼ਦ ਅਤੇ ਸਹਾਇਕ ਪ੍ਰੋਫ਼ੈਸਰ ਗਗਨਪ੍ਰੀਤ ਸਿੰਘ ਸੰਧੂ ਸਮੇਤ ਹੋਰ ਅਧਿਆਪਕ ਹਾਜ਼ਰ ਸਨ।

# ਸਮਾਜਿਕ ਕਦਰਾਂ-ਕੀਮਤਾਂ ਨੂੰ ਸਾਂਭਦੀ ਪੀ.ਸੀ ਕੁਮਾਰ ਦੀ ਪੁਸਤਕ ਹੋਈ ਰਲੀਜ



ਫ਼ਿਰੋਜ਼ਪੁਰ, 02 ਸਤੰਬਰ (ਮਨੋਹਰ ਲਾਲ) :— ਵੱਖ—ਵੱਖ ਸਰਾਰੀ, ਅਰਧ ਸਰਕਾਰੀ, ਪ੍ਰਾ: ਪ੍ਰਾਇਮਰੀ ਹਾਈ ਹ.ਸ. ਸਕੂਲਾਂ ਵਿਚ ਬੱਚਿਆਂ ਨੂੰ ਨੈਤਿਕਤਾ, ਦੇਸ਼ ਭਗਤੀ, ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ ਤੋਂ ਬਚਾਣ ਲਈ ਪ੍ਰਕਾਸਿਤ ਕੀਤੀ ਜਾ ਰਹੀ ਕਿਤਾਬ। ਪ੍ਰਕਾਸ਼ ਚੰਦ ਕੁਮਾਰ ਰੋਸ਼ਨੀ ਦੀ ਰਾਹ ਸਵਰਗਵਾਸੀ ਧਰਮਪਤਨੀ ਰਿਟਾਇਰਡ ਸੈਂਟਰ ਹੈਡ ਟੀਚਰ ਨੂੰ ਸਮਰਪਿਤ ਕਰਦੇ ਹੋਏ ਬੱਚਿਆਂ, ਅਧਿਆਪਕਾਂ ਅਤੇ ਮਾਪਿਆਂ ਦੇ ਇਕੱਠ ਵਿਚ ਇਸ ਕਿਤਾਬ ਬਾਰੇ ਚਾਨਣਾ ਪਾਉਂਦੇ ਹੋਏ ਇਸ ਗੱਲ ਤੇ ਜ਼ੋਰ ਦਿੱਤਾ ਕਿ ਸਾਨੂੰ ਆਪਣੇ ਪੁਰਾਣੇ ਵਿਰਸੇ ਨੂੰ ਭੁਲਣਾ ਨਹੀਂ, ਬਲਕਿ ਉਨ੍ਹਾਂ ਨਾਨੀਆਂ—ਦਾਦੀਆਂ, ਮਾਸੀਆਂ ਦੁਆਰਾ ਉਸ ਸਮੇਂ ਸਾਨੂੰ ਜੋ ਕਹਾਣੀਆਂ ਸੁਣਾਈਆਂ ਜਾਂਦੀਆਂ ਸਨ, ਜੋ ਕਿ ਸਾਨੂੰ ਜੀਵਨ ਦੀ ਸਿੱਖ ਘਰ ਵਿਚ ਚੰਗਾ ਬੱਚਾ, ਸਕੂਲ ਵਿਚ ਚੰਗਾ ਵਿਦਿਆਰਥੀ, ਸਮਾਜ ਵਿਚ ਚੰਗਾ ਨਾਗਰਿਕ ਬਣਨ ਲਈ ਪ੍ਰੇਰਣਾਦਾਇਕ ਸਾਬਤ ਹੋ ਰਹੀਆਂ ਹਨ ਅਤੇ ਹੋਣਗੀਆਂ, ਜਿਨ੍ਹਾਂ ਦਾ ਜ਼ਿਕਰ ਇਸ ਕਿਤਾਬ ਵਿਚ ਭਲੀ ਭਾਂਤ ਕੀਤਾ ਹੋਇਆ ਹੈ। ਅੱਜ ਸਮਾਜ ਵਿਚ ਨਸ਼ਿਆਂ ਦਾ ਪ੍ਰਕੋਪ ਸਰੀਰਕ, ਮਾਨਸਿਕ ਅਤੇ ਸਮਾਜਿਕ ਕੁਰੀਤੀਆਂ ਦਾ ਪਹਾੜ ਜਿਸ ਨੇ ਸਾਡੇ ਸਮਾਜ ਨੂੰ ਨਰਕ ਬਣਾ ਦਿੱਤਾ ਹੈ, ਜਿਸ ਦਾ ਕਿਸੇ ਵੀ ਸਰਕਾਰ ਪਾਸ ਕੋਈ ਹੱਲ ਨਹੀਂ, ਜਿਸ ਦਾ ਇਕੋ—ਇਕ ਹੱਲ ਹੈ ਇਨ੍ਹਾਂ ਕਿਤਾਬਾਂ ਰਾਹੀਂ ਬੱਚਿਆਂ ਵਿਚ ਸੁਧਾਰ ਲਿਆਂਦਾ ਜਾਵੇ, ਜਿਸ ਨੂੰ ਸੁਣ ਕੇ, ਪੜ ਕੇ ਬੱਚਿਆਂ ਨੂੰ ਪੇਰਣਾਮਿਲੀ। ਇਸ ਕਿਤਾਬ ਦਾ ਪ੍ਰਦਰਸ਼ਨ ਸਕੂਲ ਹੈਡ ਟੀਚਰ ਅਤੇ ਅਧਿਆਪਕਾਂ ਦੁਆਰਾ ਕੀਤਾ ਗਿਆ। ਬੱਚਿਆਂ ਨੇ ਕੁਝ ਕਹਾਣੀਆਂ ਪੜ੍ਹ ਕੇ ਸੁਣਾਈਆਂ ਅਤੇ ਜਿੰਦਗੀ ਵਿਚ ਅਮਲ ਕਰਨ ਦਾ ਪ੍ਰਣ ਲਿਆ ਅਤੇ ਕਿਹਾ ਕਿ ਅਸੀਂ ਹੋਰ ਚੰਗੇ ਬੱਚੇ ਬਣਾਂਗੇ ਅਤੇ ਚੰਗੇ ਸਮਾਜ ਦੀ ਸਿਰਜਣਾ ਕਰਾਂਗੇ।

### ਸ੍ਰੀ ਵਾਲਮੀਕਿ ਤੀਰਥ ਵਿਖੇ ਸਰੋਵਰ ਦੀ ਕਾਰ ਸੇਵਾ ਵਿੱਚ

# ਸ੍ਰ ਈ.ਟੀ.ਓ ਨੇ ਲਿਆ ਹਿੱਸਾ



**ਜੰਡਿਆਲਾ ਗੁਰੂ 2 ਸਤੰਬਰ (ਕੁਲਵੰਤ ਸਿੰਘ ਵਿਰਦੀ )** - ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਸ੍ਰੀ ਵਾਲਮੀਕਿ ਤੀਰਥ ਵਿਖੇ ਪਵਿੱਤਰ ਸਰੋਵਰ ਦੀ ਚੱਲ ਰਹੀ ਕਾਰ ਸੇਵਾ ਵਿੱਚ ਸੰਗਤਾਂ ਨਾਲ ਮਿਲ ਕੇ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ।ਇਸ ਮੌਕੇ ਉਨ੍ਹਾਂ ਸ੍ਰੀ ਵਾਲਮੀਕਿ ਤੀਰਥ ਵਿਖੇ ਨਤਮਸਤਕ ਹੋ ਕੇ ਭਗਵਾਨ ਸ੍ਰੀ ਵਾਲਮੀਕਿ ਮਹਾਰਾਜ ਜੀ ਦਾ ਆਸ਼ੀਰਵਾਦ ਵੀ ਪ੍ਰਾਪਤ ਕੀਤਾ।ਕੈਬਨਿਟ ਮੰਤਰੀ ਸ੍ਰ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਚੇਅਰਮੈਨ ਐਡਵਾਈਜ਼ਰੀ ਬੋਰਡ, ਭਗਵਾਨ ਵਾਲਮੀਕਿ ਤੀਰਥ ਸਥਲ ਸ਼ਰਾਈਨ ਬੋਰਡ, ਬਾਲ ਯੋਗੀ ਬਾਬਾ ਪ੍ਰਗਟ ਨਾਥ ਜੀ ਅਤੇ ਹੋਰ ਸੰਤਾਂ-ਮਹਾਂਪੁਰਸ਼ਾਂ ਦੇ ਸਹਿਯੋਗ ਨਾਲ 4 ਜੁਲਾਈ ਨੂੰ ਸਰੋਵਰ ਦੀ ਕਾਰ ਸੇਵਾ ਸ਼ੁਰੂ ਕੀਤੀ ਗਈ ਸੀ। ਇਸ ਕਾਰ ਸੇਵਾ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਸ਼ਮੂਲੀਅਤ ਕਰਦਿਆਂ ਆਪਣਾ ਯੋਗਦਾਨ ਪਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਸਰੋਵਰ ਦੇ ਪੱਧਰ ਨੂੰ ਸਮਤਲ ਕਰਨ ਦਾ ਕੰਮ ਜਾਰੀ ਹੈ ਅਤੇ ਇਸ ਵਿੱਚ 12 ਤੋਂ 14 ਇੰਚ ਰੇਤ ਦੀ ਨਵੀਂ ਪਰਤ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 24 ਸਤੰਬਰ, 2026 ਨੂੰ ਸਰੋਵਰ ਵਿੱਚ ਜਲ ਪ੍ਰਵਾਹ ਕੀਤਾ ਜਾਵੇਗਾ, ਜਿਸ ਨਾਲ ਕਾਰ ਸੇਵਾ ਦਾ ਕੰਮ ਮੁਕੰਮਲ ਹੋਵੇਗਾ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਪਵਿੱਤਰ ਦਿਹਾੜੇ ਮੌਕੇ ਸ੍ਰੀ ਵਾਲਮੀਕਿ ਤੀਰਥ ਵਿਖੇ ਪਹੁੰਚ ਕੇ ਭਗਵਾਨ ਵਾਲਮੀਕਿ ਮਹਾਰਾਜ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਸ੍ਰੀ ਵਾਲਮੀਕਿ ਤੀਰਥ ਵਿਖੇ 17 ਕਰੋੜ 73 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਤੀਰਥ ਸਥਲ ਵਿਖੇ ਸਰੋਵਰ ਦੀਆਂ ਪੌੜੀਆਂ ਦੀ ਪੇਂਟਿੰਗ ਸਮੇਤ ਹੋਰ ਵਿਕਾਸ ਕਾਰਜ ਵੀ ਤੇਜ਼ੀ ਨਾਲ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸ੍ਰੀ ਵਾਲਮੀਕਿ ਤੀਰਥ ਦੇ ਸਰਵਪੱਖੀ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 26 ਅਕਤੂਬਰ, 2026 ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ ਸ੍ਰੀ ਵਾਲਮੀਕਿ ਤੀਰਥ ਵਿਖੇ ਵੱਡੇ ਪੱਧਰ 'ਤੇ ਧਾਰਮਿਕ ਸਮਾਗਮ ਕਰਵਾਏ ਜਾਣਗੇ, ਜਿਸ ਵਿੱਚ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਾਮਿਲ ਹੋਣਗੀਆਂ।ਇਸ ਮੌਕੇ ਐਡਵਾਈਜ਼ਰੀ ਬੋਰਡ ਦੇ ਚੇਅਰਮੈਨ ਬਾਲ ਯੋਗੀ ਬਾਬਾ ਪ੍ਰਗਟ ਨਾਥ ਜੀ ਨੇ ਸਰੋਵਰ ਦੀ ਕਾਰ ਸੇਵਾ ਵਿੱਚ ਸਹਿਯੋਗ ਦੇ ਰਹੀ ਸਮੂਹ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪ੍ਰਗਟ ਦਿਵਸ ਮੌਕੇ ਭਗਵਾਨ ਵਾਲਮੀਕਿ ਮਹਾਰਾਜ ਜੀ ਦਾ ਉਤਸਵ ਪੂਰੀ ਸ਼ਰਧਾ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ ਅਤੇ ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਪਹੁੰਚਣ ਦੀ ਸੰਭਾਵਨਾ ਹੈ।ਇਸ ਮੌਕੇ ਬਾਲਾ ਮਲਕੀਤ ਨਾਥ ਜੀ, ਬਾਬਾ ਗਿਰਧਾਰੀ ਨਾਥ ਜੀ, ਬਾਬਾ ਸੇਵਕ ਨਾਥ ਜੀ, ਜਨਰਲ ਮੈਨੇਜਰ ਭਗਵਾਨ ਵਾਲਮੀਕਿ ਤੀਰਥ ਸਥਲ, ਪੰਜਾਬ ਖਾਦੀ ਬੋਰਡ ਦੇ ਚੇਅਰਮੈਨ ਸ੍ਰੀ ਪਵਨ ਹੰਸ, ਸ੍ਰੀ ਪਵਨ ਦਰਾਵਿਡ, ਡਾ. ਕਿਤੂ ਗਰੇਵਾਲ, ਐਕਸੀਅਨ ਸ੍ਰੀ ਦਿਲਬਾਗ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਅਤੇ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

**☛ 24 ਸਤੰਬਰ ਨੂੰ ਸਰੋਵਰ ਵਿੱਚ ਜਲ ਪ੍ਰਵਾਹ ਕਰਕੇ ਕਾਰ ਸੇਵਾ ਹੋਵੇਗੀ ਮੁਕੰਮਲ : ਹਰਭਜਨ ਸਿੰਘ ਈ.ਟੀ.ਓ.**

**☛ ਸ੍ਰੀ ਵਾਲਮੀਕਿ ਤੀਰਥ ਵਿਖੇ 17.73 ਕਰੋੜ ਰੁਪਏ ਦੀ ਲਾਗਤ ਨਾਲ ਚੱਲ ਰਹੇ ਹਨ ਵੱਖ-ਵੱਖ ਵਿਕਾਸ ਕਾਰਜ**

### ਪ੍ਰਾਇਮਰੀ ਸਕੂਲ ਦੇ ਬੱਚਿਆਂ ਨੂੰ ਰਾਜ ਭਨੋਟ ਅਤੇ ਨੇਹਾ ਸ਼ਰਮਾ ਆਸਟਰੇਲੀਆ ਨੇ

# ਆਪਣੀ ਬੇਟੀ ਦੇ ਜਨਮਦਿਨ ਮੌਕੇ ਕਾਪੀਆਂ ਅਤੇ ਸਟੇਸ਼ਨਰੀ ਦਾ ਸਮਾਨ ਵੰਡਿਆ



**ਜੰਡਿਆਲਾ ਗੁਰੂ, 2 ਸਤੰਬਰ (ਕੁਲਵੰਤ ਸਿੰਘ ਵਿਰਦੀ)**-ਜੰਡਿਆਲਾ ਗੁਰੂ ਤੋਂ ਥੋੜ੍ਹਪਿੰ ਦੂਰੀ ਤੇ ਪੈਂਦੇ ਪਿੰਡ ਮੱਲੀਆਂ ਜੋ ਕੇ ਇੱਕ ਇਤਿਹਾਸਿਕ ਨਗਰ ਹੈ ਅਤੇ ਨੈਸ਼ਨਲ ਹਾਈਵੇ ਤੇ ਵਸਿਆ ਹੋਇਆ ਹੈ। ਇਸੇ ਹੀ ਪਿੰਡ ਦੇ ਜੰਮਪਲ ਰਾਜ ਭਨੋਟ ਜੋ ਕਿ ਇਸ ਮੌਕੇ ਆਸਟਰੇਲੀਆ ਵਿਖੇ ਆਪਣੇ ਪਰਿਵਾਰ ਸਮੇਤ ਰਹਿ ਰਹੇ ਹਨ।, ਅਤੇ ਪ੍ਰਦੇਸ਼ ਦੇ ਵਿੱਚ ਰਹਿ ਕੇ ਵੀ ਉਨਾਂ ਦਾ ਪਿੰਡ ਦੇ ਲੋਕਾਂ ਪ੍ਰਤੀ ਅਥਾਹ ਪਿਆਰ,ਹੈ ਅਤੇ ਉਹ ਅਕਸਰ ਹੀ ਲੋੜਵੰਦ ਪਰਿਵਾਰਾਂ ਦੀ ਮਦਦ ਕਰਦੇ ਰਹਿੰਦੇ ਹਨ।, ਇੱਥੇ ਇਹ ਦੱਸਣ ਯੋਗ ਹੈ ਕਿ ਉਹ ਉਮੀਦ ਆਰਜੇਨਾਈਜੇਸ਼ਨ ਸੰਸਥਾ ਮੱਲੀਆਂ ਦੇ ਚੇਅਰਮੈਨ ਵੀ ਹਨ, ਅਤੇ ਪਿੰਡ ਦੇ ਵਿਕਾਸ ਪ੍ਰਤੀ ਗਤੀਵਿਧੀਆਂ ਵਿੱਚ ਉਹ ਵੱਧ ਚੜ ਕੇ ਹਿੱਸਾ ਪਾਉਂਦੇ ਹਨ। ਅਤੇ, ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਉਨਾਂ ਨੇ ਆਪਣੀ ਬੇਟੀ ਸਿਦਕ ਦਾ ਜਨਮ ਦਿਨ ਮਨਾਇਆ, ਅੱਜ ਉਹਨਾਂ ਦੇ ਵੱਡੇ ਭਰਾਤਾ ਸੰਜੀਵ ਭਨੋਟ ਅਤੇ ਮੈਡਮ ਕਸ਼ਿਸ਼ ਭਨੋਟ ਤਾਈ ਜੀ ਵੱਲੋਂ ਰਾਜ ਭਨੋਟ ਆਸਟਰੇਲੀਆ ਦੀ ਬੇਟੀ ਦੇ ਜਨਮਦਿਨ ਮੌਕੇ ਪ੍ਰਾਇਮਰੀ ਸਕੂਲ ਮੱਲੀਆਂ ਦੇ ਬੱਚਿਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਦਾ ਸਮਾਨ ਵੰਡਿਆ ਗਿਆ, ਅਤੇ ਬੇਟੀ ਦੇ ਜਨਮ ਦਿਨ ਦੀ ਖੁਸ਼ੀ ਬੱਚਿਆਂ ਨਾਲ ਸਾਂਝੀ ਕੀਤੀ, ਇਸ ਮੌਕੇ ਫੋਨ ਤੇ ਗੱਲਬਾਤ ਕਰਦਿਆਂ ਰਾਜ ਭਨੋਟ ਆਸਟਰੇਲੀਆ ਨੇ ਦੱਸਿਆ ਕਿ ਉਹ ਧੀਆਂ ਪੁੱਤਰਾਂ ਵਿੱਚ ਫਰਕ ਨਾ ਸਮਝਦੇ ਹੋਏ ਹਰ ਸਾਲ ਦੀ ਤਰ੍ਹਾਂ ਆਪਣੀ ਬੇਟੀ ਦੇ ਜਨਮਦਿਨ ਮੌਕੇ ਬੱਚਿਆਂ ਵਾਸਤੇ ਕੁਝ ਸਮਾਨ ਭੇਜਦੇ ਹਨ ਬੱਚਿਆਂ ਨਾਲ ਰਲ ਕੇ ਖੁਸ਼ੀ ਸਾਂਝੀ ਕਰਦੇ ਹਨ, ਇਸ ਮੌਕੇ ਉਨਾਂ ਦੀ ਬੇਟੀ ਸਿਦਕ ਦਾ ਛੇਵਾਂ ਜਨਮ ਦਿਨ ਮਨਾਇਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਨਰਿੰਦਰ ਕੌਰ ਜੀ ,ਮੈਡਮ ਕਰਮਜੀਤ ਕੌਰ ਜੀ, ਮੈਡਮ ਦਰਸ਼ਨ ਕੌਰ ਜੀ ,ਸੰਦੀਪ ਮੈਡਮ ,ਰਣਜੀਤ ਕੌਰ, ਰੂਪਾ ਮੈਡਮ, ਸਵਿਤਾ ਰਾਣੀ ,ਸਰਦਾਰ ਇਕਬਾਲ ਸਿੰਘ, ਤੋਂ ਇਲਾਵਾ, ਸਮਾਜ ਸੇਵਕ ਨਵਕਰਨ ਸਿੰਘ ਮੱਲੀ, ਸਤਨਾਮ ਸਿੰਘ,, ਗੁਰਭੇਜ ਸਿੰਘ, ਜਸਬੀਰ ਸਿੰਘ, ਤੋਂ ਇਲਾਵਾ, ਬੇਟੀ ਸਿਦਕ ਦੇ ਤਾਇਆ ਜੀ ਸੰਜੀਵ ਭਨੋਟ ਅਤੇ ਤਾਈ ਜੀ ਕਸ਼ਿਸ਼ ਭਨੋਟ ਆਦਿ ਹਾਜ਼ਰ ਸਨ।,

# ਸਰਕਾਰਾਂ ਆਪਣੇ ਸਕੂਲਾਂ ਦੇ ਢਾਂਚੇ ਨੂੰ ਢਾਹ ਕੇ ਕਦੀ ਵੀ ਸਿੱਖਿਆ ਪ੍ਰਣਾਲੀ ਵਿਚ ਸੁਧਾਰ ਨਹੀਂ ਕਰ ਸਕਦੀਆਂ—ਇੰਜ ਸੁਰਿੰਦਰ ਸਿੰਘ ਭਿੰਡਰ



**ਫ਼ਿਰੋਜ਼ਪੁਰ, 02 ਸਤੰਬਰ (ਮਨੋਹਰ ਲਾਲ )**-ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਿੱਖਿਆ ਦੇਸ਼ ਦੇ ਨਿਰਮਾਣ ਲਈ ਅਤੀ ਮਹੱਤਵਪੂਰਨ ਹੈ। ਸਿੱਖਿਆ ਸਿਰਫ਼ ਰੋਜ਼ਗਾਰ ਪੈਦਾ ਕਰਨ ਦਾ ਇਕ ਸਾਧਨ ਨਹੀਂ ਸਗੋਂ ਸਮਾਜਿਕ ਅਤੇ ਰਾਜਨੀਤਕ ਜੀਵਨ ਦੀ ਤਰੱਕੀ ਲਈ ਅਤਿ ਜ਼ਰੂਰੀ ਹੈ।ਚੰਗੀ ਸਿੱਖਿਆ ਬਗੈਰ ਵਿਅਕਤੀ ਦਾ ਜੀਵਨ ਸੁੰਗੜਦਾ ਹੈ ਅਤੇ ਆਪਣੀ ਅੰਦਰੂਨੀ ਕਪੈਸਟੀ ਤੋਂ ਊਣਾ ਰਹਿ ਜਾਂਦਾ ਹੈ।ਸਵਾਲ ਇਹ ਹੈ ਕਿ ਸਿੱਖਿਆ ਨੀਤੀ ਦਾ ਬੁਨਿਆਦੀ ਸਿਧਾਂਤ ਕਈ ਘਾਟਾਂ ਤੋਂ ਪੀੜਤ ਹੈ, ਤਤਕਾਲੀ ਤੇ ਮੌਜੂਦਾ ਸਰਕਾਰਾਂ ਦੇ ਮੈਲੇ ਇਰਾਦੇ ਤੇ ਜ਼ਮੀਨੀ ਹਕੀਕਤ ਵਿਚਕਾਰ ਵੱਧਦਾ ਖੱਪਾ ਸਿੱਖਿਆ ਪ੍ਰਣਾਲੀ ਦੇ ਸੰਵਿਧਾਨਕ ਵੀਜ਼ਨ ਨੂੰ ਖ਼ਤਰੇ ਵਿਚ ਪਾਅ ਰਿਹਾ ਹੈ। ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਸਿੱਖਿਆ ਨੀਤੀ ਕਾਰਨ ਸਰਕਾਰੀ ਸਕੂਲਾਂ ਦੀ ਗਿਣਤੀ ਵਿਚ ਕਾਫ਼ੀ ਵੱਡੀ ਕਮੀ ਆਈ ਹੈ, ਅੰਕੜੇ ਦੱਸਦੇ ਹਨ ਕਿ ਭਾਰਤ ਵਿਚ 11.07 ਲੱਖ ਸਰਕਾਰੀ ਸਕੂਲ ਸਨ ਜੋ ਹੁਣ ਘੱਟ ਕੇ 10.17 ਲੱਖ ਰਹਿ ਗਏ ਹਨ ਭਾਵ 90 ਹਜ਼ਾਰ ਦੇ ਕਰੀਬ ਸਰਕਾਰੀ ਸਕੂਲ ਬੰਦ ਕਰ ਦਿੱਤੇ ਗਏ ਹਨ, ਜਦਕਿ ਪ੍ਰਾਈਵੇਟ ਸਕੂਲਾਂ ਵਿਚ 43 ਹਜ਼ਾਰ ਦਾ ਵਾਧਾ ਹੋਇਆ ਹੈ। ਇੰਜ ਭਿੰਡਰ ਨੇ ਦੱਸਿਆ ਕਿ ਸਿੱਖਿਆ ਪ੍ਰਣਾਲੀ ਦਾ ਕੁੱਲ ਬਜ਼ਟ 2.15 ਰੱਖਿਆ ਗਿਆ ਹੈ ਜੋ ਕਿ ਇਨ੍ਹਾਂ ਜ਼ਰੂਰੀ ਸੰਸਥਾਵਾਂ ਲਈ ਬਹੁਤ ਹੀ ਨਿਗੂਣਾ ਘੱਟ ਹੈ। ਉਨ੍ਹਾਂ ਕਿਹਾ ਕਿ ਘੱਟ ਫੰਡਿੰਗ ਕਾਰਨ ਸਕੂਲਾਂ ਦਾ ਢਾਂਚਾ ਖਰਾਬ ਹੁੰਦਾ ਹੈ, ਵਿਦਿਆਰਥੀਆਂ ਦਾ ਦਾਖਲਾ ਵੀ ਘੱਟਦਾ ਹੈ, ਬੱਚਿਆਂ ਦੀ ਘਾਟ ਕਾਰਨ ਸਰਕਾਰਾਂ ਅਤੇ ਪ੍ਰਸ਼ਾਸਨ ਨੂੰ ਸਕੂਲ ਬੰਦ ਕਰਨ ਦਾ ਬਹਾਨਾ ਮਿਲ ਜਾਂਦਾ ਹੈ।ਅਤਿ ਜ਼ਰੂਰੀ ਸਿੱਖਿਆ ਸੰਸਥਾਵਾਂ ਨੂੰ ਘੱਟ ਬਜ਼ਟ ਅਲੋਕੇਟ ਕਰਨਾ ਅਤੇ ਉਲਟਾ ਕੇਂਦਰ ਅਤੇ ਰਾਜ ਸਰਕਾਰਾਂ ਦੇਸ਼ ਦੇ ਵਾਸੀਆਂ ਨੂੰ ਮੁਫ਼ਤ ਅਨਾਜ ਵੰਡਦੀਆਂ ਹਨ ਤਾਂ ਕਿ ਸੌਖਿਆਂ ਹੀ ਉਨ੍ਹਾਂ ਦੀਆਂ ਵੋਟਾਂ ਬਟੋਰੀਆਂ ਜਾ ਸਕਣ ਪਰ ਸਿਖਿਆ ਪ੍ਰਣਾਲੀ ਜਾਵੇ ਭਾਂਵੇ ਢੱਠੇ ਖੂਹ ਵਿਚ ਜਾਵੇ। ਪੰਜਾਬ ਪ੍ਰਧਾਨ ਨੇ ਕਿਹਾ ਕਿ ਸਰਕਾਰੀ ਸਕੂਲ ਬੰਦ ਹੋਣ ਨਾਲ ਅਨੁਸੂਚਿਤ ਜਾਤੀਆਂ ਅਤੇ ਜਨਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਪੇਂਡੂ ਇਲਾਕਿਆਂ ਦੀਆਂ ਨੌਜਵਾਨ ਕੁੜੀਆਂ ਬੁਰੀ ਤਰਾਂ ਪ੍ਰਭਾਵਿਤ ਹੁੰਦੀਆਂ ਹਨ। ਮਿਆਰੀ ਸਿੱਖਿਆ ਨਾ ਮਿਲਣ ਦਾ ਬੁਰਾ ਅਸਰ ਆਰਥਿਕ ਤੌਰ ਤੇ ਪੱਛੜੀਆਂ ਸ਼੍ਰੇਣੀਆਂ ਤੇ ਗਰੀਬ ਵਰਗ ਦੇ ਬੱਚਿਆਂ ਤੇ ਵਧੇਰੇ ਪੈਂਦਾ ਹੈ। ਉਨ੍ਹਾਂ ਕਿਹਾ ਕਿ ਅਮੀਰਾਂ ਅਤੇ ਗਰੀਬਾਂ ਦੇ ਵਿਦਿਆਰਥੀਆਂ ਵਿਚ ਮਿਆਰੀ ਸਿੱਖਿਆ ਦੇ ਪਾੜੇ ਨੂੰ ਪੂਰਾ ਕਰਨ ਲਈ ਅਸਲੀ ਮੁਹਾਰਿਤ ਅਤੇ ਬੁਨਿਆਦੀ ਸਾਖ਼ਰਤਾ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ। ਗੱਲਬਾਤ ਕਰਦਿਆਂ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਸਰਕਾਰੀ ਸਕੂਲ ਬੰਦ ਕਰਨਾ ਰਾਜਨੀਤਕ ਸੂਝਬੂਝ ਅਤੇ ਪ੍ਰਸ਼ਾਸਨਿਕ ਗ਼ਲਤੀ ਘਾਟ ਹੈ। ਉਨ੍ਹਾਂ ਕਿਹਾ ਕਿ 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਪੰਜਾਬ ਦੀਆਂ ਤਤਕਾਲੀ ਅਤੇ ਮੌਜੂਦਾ ਸਰਕਾਰਾਂ ਵੱਲੋਂ ਬੰਦ ਸਾਰੇ ਸਰਕਾਰੀ ਸਕੂਲ ਮੁੜ ਬਹਾਲ ਕੀਤੇ ਜਾਣਗੇ। ਸਕੂਲਾਂ ਵਿਚ ਅਧਿਆਪਕਾਂ ਦੀਆਂ ਮਨਜ਼ੂਰਸ਼ੁਦਾ ਅਸਾਮੀਆਂ ਭਰੀਆਂ ਜਾਣਗੀਆਂ ਤਾਂ ਕਿ ਸਿੱਖਿਆ ਦੀ ਪ੍ਰਾਪਤੀ ਵਿਚ ਕੋਈ ਵੀ ਗ਼ਰੀਬ ਤੇ ਅਮੀਰ ਵਰਗਾਂ ਦਾ ਬੱਚਾ ਪਿੱਛੇ ਨਾ ਰਹੇ।

# ਖਿਲਚੀਆ ਵਿਖੇ ਜੈ ਜਵਾਨ ਜੈ ਕਿਸਾਨ ਪਾਰਟੀ ਦੀ ਹੋਈ ਮੀਟਿੰਗ ਪਾਰਟੀ ਦੇ ਚੋਣ ਮੈਨੀਫਸਟੋ ਤੇ ਹੋਈ ਵਿਚਾਰ ਚਰਚਾ ਆਰ ਪੀ ਐਸ ਮਲਹੋਤਰਾ





**ਜੰਡਿਆਲਾ ਗੁਰੂ, 2 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਜੈ ਜਵਾਨ ਜੈ ਕਿਸਾਨ ਪਾਰਟੀ ਦੀ ਮੀਟਿੰਗ ਖਿਲਚੀਆ ਵਿਖੇ ਸੂਬਾ ਪ੍ਰਧਾਨ ਆਰ ਪੀ ਐਸ ਮਲਹੋਤਰਾ ਤੇ ਨੈਸ਼ਨਲ ਪ੍ਰੈਜੀਡੈਂਟ ਡਾ ਬਲਜੀਤ ਸਿੰਘ ਔਲਖ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਪਾਰਟੀ ਦੇ ਚੋਣ ਮੈਨੀਫਸਟੋ ਤੇ ਵਿਚਾਰ ਚਰਚਾ ਕੀਤੀ ਗਈ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੂਬਾ ਪ੍ਰਧਾਨ ਆਰ ਪੀ ਐਸ ਮਲੋਹਤਰਾ ਨੇ ਕਿਹਾ ਕਿ ਜੈ ਜਵਾਨ ਜੈ ਕਿਸਾਨ' ਪਾਰਟੀ ਦੀ ਸਰਕਾਰ ਬਣਨ ਉਪਰੰਤ ਨਾ ਕੇਵਲ ਸਰਕਾਰੀ ਵਿਭਾਗਾਂ 'ਚ ਆਊਟਸੋਰਸ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇਗਾ ਅਤੇ ਗਰੀਬ ਮਜ਼ਦੂਰਾਂ ਅਤੇ ਪ੍ਰਾਈਵੇਟ ਕਾਮਿਆਂ ਦੀਆਂ ਤਨਖਾਹਾਂ ਵਧਾ ਕੇ ਘੱਟੋ-ਘੱਟ 25,000 ਰੁਪਏ ਪ੍ਰਤੀ ਮਹੀਨਾ ਕੀਤੀਆਂ ਜਾਣਗੀਆਂ ।ਇਸ ਮੌਕੇ ਮੁੱਖ ਉਮੀਦਵਾਰ ਜੋਤੀ ਧੂਲਕਾ ,ਮੁੱਖ ਸਮਰਥਕ ਮਨਦੀਪ ਸਿੰਘ ਰੱਖੜਾ , ਜਿਲ੍ਹਾ ਪ੍ਰਧਾਨ ਕੰਵਲਜੀਤ ਸਿੰਘ ਭਲਾਈਪੁਰ,ਸਰਕਲ ਪ੍ਰਧਾਨ ਹੈਰੀ ਧੂਲਕਾ ,ਰਾਜਬੀਰ ਜੋਸ਼ਨ ਜੰਡਿਆਲਾ ਗੁਰੂ,ਪ੍ਰਦੀਪ ਸਿੰਘ ਧੂਲਕਾ ,ਜੀਵਨ ਸਿੰਘ, ਧੂਲਕਾ ,ਹਰਜੀਤ ਸਿੰਘ ਕਾਲੇਕੇ, ਸੁਖਜਿੰਦਰ ਸਿੰਘ ਝਾੜੂ ਨੰਗਲ, ਕੁਲਦੀਪ ਸਿੰਘ ਮਦੇਪੁਰ, ਸੁਖਪਾਲ ਪੱਡਾ ਕੋਟ ਮਹਿਤਾਬ , ਸਰਬਜੀਤ ਸਿੰਘ ਰਈਆ ,ਜਿੰਮੀ ਬਿਆਸ ,ਲਖਵਿੰਦਰ ਸਿੰਘ ਥੋਥੀਆ , ਕਰਣਬੀਰ ਖਿਲਚੀਆ , ਜਬਨਜੀਤ ਖਿਲਚੀਆ, ਰੋਹਿਤ ਖਿਲਚੀਆ ,ਹਰਜੋਤ ਸਿੰਘ ਭੋਰਸੀ ,ਮੰਗਲ ਸਿੰਘ ਤਿੰਮੋਵਾਲ, ਸਤਪਾਲ ਸਿੰਘ ਤਿੰਮੋਵਾਲ ,ਡਾ ਹਰਵਿੰਦਰ ਸਿੰਘ ਧੂਲਕਾ ਅਤੇ ਹੋਰ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137



ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

# ਘਰ ਦੀ ਬਗੀਚੀ ਬਣੇਗੀ ਪਰਿਵਾਰ ਦੀ ਤੰਦਰੁਸਤੀ ਦਾ ਆਧਾਰ: ਡਾ. ਗਰਗ




**ਧੂਰੀ (ਰਣਜੀਤ ਸਿੰਘ ਪੇਧਨੀ )**-ਆਪਣੇ ਘਰ ਵਿੱਚ ਉਗਾਈ ਸਬਜ਼ੀ ਸਿਰਫ਼ ਤਾਜ਼ਗੀ ਹੀ ਨਹੀਂ ਦਿੰਦੀ, ਸਗੋਂ ਪਰਿਵਾਰ ਦੀ ਸਿਹਤ, ਪੌਸ਼ਟਿਕਤਾ ਅਤੇ ਖੁਰਾਕੀ ਸੁਰੱਖਿਆ ਨੂੰ ਵੀ ਮਜ਼ਬੂਤ ਕਰਦੀ ਹੈ।" ਇਹ ਵਿਚਾਰ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਪੀ.ਏ.ਯੂ.-ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਦੇ ਇੰਚਾਰਜ ਅਤੇ ਸੀਨੀਅਰ ਪਸਾਰ ਵਿਗਿਆਨੀ ਡਾ. ਅਸ਼ੋਕ ਕੁਮਾਰ ਗਰਗ ਨੇ ਪਿੰਡ ਘਨੌਰ ਕਲਾਂ ਵਿਖੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਨਿਰਦੇਸ਼ਕ ਪਸਾਰ ਸਿੱਖਿਆ ਦੇ ਦਿਸ਼ਾ-ਨਿਰਦੇਸ਼ਾਂ ਹੇਠ ਆਯੋਜਿਤ ਇਸ ਵਿਸ਼ੇਸ਼ ਪਸਾਰ ਗਤੀਵਿਧੀ ਦੌਰਾਨ ਘਰੇਲੂ ਬਗੀਚੀ ਵਿੱਚ ਸਰਦੀ ਰੁੱਤ ਦੀਆਂ ਸਬਜ਼ੀਆਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ 30 ਪ੍ਰਦਰਸ਼ਨੀਆਂ ਸਥਾਪਿਤ ਕੀਤੀਆਂ ਗਈਆਂ। ਇਨ੍ਹਾਂ ਪ੍ਰਦਰਸ਼ਨੀਆਂ ਰਾਹੀਂ ਕਿਸਾਨਾਂ ਨੂੰ ਸਬਜ਼ੀਆਂ ਦੀ ਚੋਣ, ਬਿਜਾਈ ਦੇ ਢੁਕਵੇਂ ਸਮੇਂ, ਖਾਦਾਂ ਦੀ ਸੁਚੱਜੀ ਵਰਤੋਂ, ਸਿੰਚਾਈ ਅਤੇ ਬਗੀਚੀ ਦੀ ਸੰਭਾਲ ਸਬੰਧੀ ਵਿਹਾਰਕ ਅਤੇ ਵਿਗਿਆਨਕ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ-ਨਾਲ ਝੋਨੇ ਵਿੱਚ ਸੰਤੁਲਿਤ ਖੁਰਾਕੀ ਤੱਤਾਂ ਦੇ ਪ੍ਰਬੰਧਨ ਅਤੇ ਫੋਕ ਘਟਾਉਣ ਲਈ ਪੋਟਾਸ਼ੀਅਮ ਨਾਈਟ੍ਰੇਟ ਦੀ ਵਰਤੋਂ ਬਾਰੇ ਵੀ ਕਿਸਾਨਾਂ ਨੂੰ ਜਾਣੂ ਕਰਵਾਇਆ ਗਿਆ। ਡਾ. ਗਰਗ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਘਰੇਲੂ ਬਗੀਚੀ ਦੀ ਮਹੱਤਤਾ ਹੋਰ ਵੀ ਵੱਧ ਗਈ ਹੈ। ਘਰ ਦੇ ਆਲੇ-ਦੁਆਲੇ ਥੋੜ੍ਹੀ ਜਿਹੀ ਥਾਂ ਦੀ ਸਹੀ ਵਰਤੋਂ ਕਰਕੇ ਪਰਿਵਾਰ ਦੀ ਰੋਜ਼ਾਨਾ ਲੋੜ ਅਨੁਸਾਰ ਕਈ ਕਿਸਮਾਂ ਦੀਆਂ ਤਾਜ਼ੀਆਂ ਸਬਜ਼ੀਆਂ ਆਸਾਨੀ ਨਾਲ ਪੈਦਾ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਘਰੇਲੂ ਬਗੀਚੀ ਰਾਹੀਂ ਪਰਿਵਾਰ ਨੂੰ ਤਾਜ਼ੀਆਂ, ਸਾਫ਼-ਸੁਥਰੀਆਂ ਅਤੇ ਪੌਸ਼ਟਿਕ ਸਬਜ਼ੀਆਂ ਲਗਾਤਾਰ ਮਿਲ ਸਕਦੀਆਂ ਹਨ ਅਤੇ ਬਾਜ਼ਾਰ ਤੋਂ ਸਬਜ਼ੀਆਂ ਖਰੀਦਣ 'ਤੇ ਹੋਣ ਵਾਲੇ ਖਰਚੇ ਵਿੱਚ ਵੀ ਕਮੀ ਆ ਸਕਦੀ ਹੈ। ਖੇਤਾਂ ਵਿੱਚ ਟਿਊਬਵੈੱਲਾਂ ਦੇ ਨੇੜੇ ਜਾਂ ਹੋਰ ਢੁਕਵੀਆਂ ਥਾਵਾਂ 'ਤੇ ਵੀ ਘਰੇਲੂ ਲੋੜ ਅਨੁਸਾਰ ਸਬਜ਼ੀਆਂ ਦੀ ਕਾਸ਼ਤ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਸਤੰਬਰ ਮਹੀਨਾ ਸਰਦੀ ਰੁੱਤ ਦੀਆਂ ਕਈ ਮਹੱਤਵਪੂਰਨ ਸਬਜ਼ੀਆਂ ਦੀ ਬਿਜਾਈ ਲਈ ਢੁਕਵਾਂ ਸਮਾਂ ਹੈ। ਬਰੋਕਲੀ, ਮਟਰ, ਮੂਲੀ, ਗਾਜਰ, ਸ਼ਲਗਮ ਅਤੇ ਵੱਖ-ਵੱਖ ਪੱਤੇਦਾਰ ਸਬਜ਼ੀਆਂ ਦੀ ਸਮੇਂ ਸਿਰ ਬਿਜਾਈ ਕਰਨ ਨਾਲ ਵਧੀਆ ਪੈਦਾਵਾਰ ਲਈ ਅਨੁਕੂਲ ਹਾਲਾਤ ਪੈਦਾ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਬਿਜਾਈ ਲਈ ਸਿਫਾਰਸ਼ਸ਼ੁਦਾ ਕਿਸਮਾਂ ਦੀ ਚੋਣ, ਢੁਕਵਾਂ ਬਿਜਾਈ ਸਮਾਂ ਅਤੇ ਸਿਹਤਮੰਦ ਬੀਜ ਦੀ ਵਰਤੋਂ ਸਬਜ਼ੀਆਂ ਦੀ ਸਫ਼ਲ ਕਾਸ਼ਤ ਦੇ ਮੁੱਖ ਆਧਾਰ ਹਨ। ਇਸ ਦੇ ਨਾਲ ਹੀ ਮਿੱਟੀ ਦੀ ਉਪਜਾਊ ਸ਼ਕਤੀ ਅਨੁਸਾਰ ਖਾਦਾਂ ਦੀ ਵਰਤੋਂ ਅਤੇ ਪਾਣੀ ਦੀ ਲੋੜ ਅਨੁਸਾਰ ਸਿੰਚਾਈ ਕਰਨ ਨਾਲ ਸਰੋਤਾਂ ਦੀ ਬੱਚਤ ਦੇ ਨਾਲ ਵਧੀਆ ਉਤਪਾਦਨ ਹਾਸਲ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਝੋਨੇ ਵਿੱਚ ਫੋਕ ਘਟਾਉਣ ਅਤੇ ਦਾਣਿਆਂ ਦੇ ਭਰਨ ਨੂੰ ਸੁਧਾਰਨ ਲਈ ਗੋਭ ਦੇ ਪੜਾਅ 'ਤੇ 1.5 ਫੀਸਦੀ ਪੋਟਾਸ਼ੀਅਮ ਨਾਈਟ੍ਰੇਟ (13:0:45) ਦਾ ਪੱਤਿਆਂ 'ਤੇ ਛਿੜਕਾਅ ਕਰਨ ਦੀ ਸਿਫਾਰਸ਼ ਹੈ। ਇਸ ਲਈ 3 ਕਿਲੋ ਪੋਟਾਸ਼ੀਅਮ ਨਾਈਟ੍ਰੇਟ ਨੂੰ 200 ਲੀਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕੀਤਾ ਜਾ ਸਕਦਾ ਹੈ।

### ਘਨੌਰ ਕਲਾਂ ਵਿਖੇ ਪੀ.ਏ.ਯੂ.-ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਵੱਲੋਂ ਸਰਦੀ ਰੁੱਤ ਦੀਆਂ ਸਬਜ਼ੀਆਂ ਦੀਆਂ ਪ੍ਰਦਰਸ਼ਨੀਆਂ

**ਕਿਸਾਨ ਮੇਲਿਆਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਦੀ ਅਪੀਲ**-ਇਸ ਮੌਕੇ ਡਾ. ਗਰਗ ਨੇ ਕਿਸਾਨਾਂ ਨੂੰ ਸਤੰਬਰ 2026 ਦੌਰਾਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਲਗਾਏ ਜਾ ਰਹੇ ਕਿਸਾਨ ਮੇਲਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਇਨ੍ਹਾਂ ਮੇਲਿਆਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋ ਕੇ ਖੇਤੀਬਾੜੀ ਦੀਆਂ ਨਵੀਆਂ ਤਕਨੀਕਾਂ, ਸੁਧਰੀਆਂ ਕਿਸਮਾਂ, ਖੇਤੀ ਮਸ਼ੀਨਰੀ ਅਤੇ ਯੂਨੀਵਰਸਿਟੀ ਦੀਆਂ ਨਵੀਨਤਮ ਸਿਫਾਰਸ਼ਾਂ ਬਾਰੇ ਜਾਣਕਾਰੀ ਹਾਸਲ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵਿਗਿਆਨਕ ਖੇਤੀ ਅਤੇ ਘਰੇਲੂ ਪੱਧਰ 'ਤੇ ਸਬਜ਼ੀਆਂ ਦੀ ਕਾਸ਼ਤ—ਦੋਵੇਂ ਹੀ ਪਰਿਵਾਰਕ ਆਮਦਨ, ਪੋਸ਼ਣ ਅਤੇ ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਲਈ ਮਹੱਤਵਪੂਰਨ ਕਦਮ ਹਨ। ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਨੂੰ ਅਪਣਾਉਂਦਿਆਂ ਖੇਤੀ ਵਿੱਚ ਨਵੀਆਂ ਅਤੇ ਵਿਗਿਆਨਕ ਤਕਨੀਕਾਂ ਨੂੰ ਤਰਜੀਹ ਦੇਣ ਲਈ ਪ੍ਰੇਰਿਤ ਕੀਤਾ ਗਿਆ।

ਪ੍ਰਦਰਸ਼ਨੀਆਂ ਦੇ ਸਫ਼ਲ ਆਯੋਜਨ ਵਿੱਚ ਪਿੰਡ ਦੇ ਸ. ਅਮਰੀਕ ਸਿੰਘ, ਸ. ਗੁਰਤੇਜ ਸਿੰਘ, ਸ. ਮੁਖਤਿਆਰ ਸਿੰਘ ਅਤੇ ਸ. ਬਲਵਿੰਦਰ ਸਿੰਘ ਨੇ ਵਿਸ਼ੇਸ਼ ਸਹਿਯੋਗ ਦਿੱਤਾ।

## ਗੁੰਨੋਵਾਲ 'ਚ ਰਿਸ਼ਤੇ ਦੀ ਗੱਲਬਾਤ ਤੋਂ ਭੜਕੀ ਤਕਰਾਰ

# ਇੱਟਾਂ-ਰੋੜਿਆਂ ਨਾਲ ਪਿਓ ਪੁਤ ਜਖਮੀ ਅਤੇ ਸਵਿਫਟ ਕਾਰ ਦੀ ਹੋਈ ਭੰਨਤੋੜ



ਜੰਡਿਆਲਾ ਗੁਰੂ 2 ਸਤੰਬਰ( ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਦੇ ਨੇੜਲੇ ਪਿੰਡ ਗੁੰਨੋਵਾਲ ਵਿੱਚ ਰਿਸ਼ਤਾ ਕਰਵਾਉਣ ਸਬੰਧੀ ਸ਼ੁਰੂ ਹੋਈ ਗੱਲਬਾਤ ਉਸ ਸਮੇਂ ਤਕਰਾਰ ਵਿੱਚ ਬਦਲ ਗਈ, ਜਦੋਂ ਦੋਵਾਂ ਧਿਰਾਂ ਵਿਚਾਲੇ ਕਥਿਤ ਤੌਰ 'ਤੇ ਗਰਮਾ-ਗਰਮੀ ਤੋਂ ਬਾਅਦ ਇੱਟਾਂ-ਰੋੜੇ ਚੱਲਣ ਲੱਗ ਪਏ। ਘਟਨਾ ਦੌਰਾਨ ਇੱਕ ਸਵਿਫਟ ਗੱਡੀ ਦੀ ਭੰਨਤੋੜ ਹੋਣ ਦੀ ਜਾਣਕਾਰੀ ਵੀ ਸਾਹਮਣੇ ਆਈ ਹੈ। ਇਸ ਮਾਮਲੇ ਨੇ ਪਿੰਡ ਵਿੱਚ ਕੁਝ ਸਮੇਂ ਲਈ ਤਣਾਅ ਦਾ ਮਾਹੌਲ ਪੈਦਾ ਕਰ ਦਿੱਤਾ। ਮਿਲੀ ਜਾਣਕਾਰੀ ਅਨੁਸਾਰ, ਦੋਵਾਂ ਧਿਰਾਂ ਵਿਚਕਾਰ ਰਿਸ਼ਤਾ ਕਰਵਾਉਣ ਨੂੰ ਲੈ ਕੇ ਗੱਲਬਾਤ ਚੱਲ ਰਹੀ ਸੀ। ਇਸੇ ਦੌਰਾਨ ਕਿਸੇ ਗੱਲ ਨੂੰ ਲੈ ਕੇ ਮਾਮਲਾ ਵਿਗੜ ਗਿਆ ਅਤੇ ਤਕਰਾਰ ਨੇ ਲੜਾਈ ਦਾ ਰੂਪ ਧਾਰ ਲਿਆ। ਦੋਸ਼ ਹੈ ਕਿ ਇਸ ਦੌਰਾਨ ਇੱਟਾਂ ਅਤੇ ਰੋੜਿਆਂ ਦੀ ਵੀ ਵੱਡੀ ਪੱਧਰ ਤੇ ਰੋੜੇਬਾਜ਼ੀ ਹੋਈ ਅਤੇ ਮੌਕੇ 'ਤੇ ਖੜ੍ਹੀ ਸਵਿਫਟ ਗੱਡੀ ਵੀ ਪੂਰੀ ਤਰ੍ਹਾਂ ਨੁਕਸਾਨੀ ਗਈ । ਇਸ ਮਾਮਲੇ ਸਬੰਧੀ ਰਾਜਵਿੰਦਰ ਕੌਰ ਨੇ ਦੱਸਿਆ ਕਿ ਰਿਸ਼ਤਾ ਕਰਵਾਉਣ ਨੂੰ ਲੈ ਕੇ ਹੋ ਰਹੀ ਗੱਲਬਾਤ ਦੌਰਾਨ ਮਾਮਲਾ ਅਚਾਨਕ ਵਿਗੜ ਗਿਆ। ਉਨ੍ਹਾਂ ਵੱਲੋਂ ਦਾਅਵਾ ਕੀਤਾ ਗਿਆ ਕਿ ਤਕਰਾਰ ਵਧਣ ਤੋਂ ਬਾਅਦ ਇੱਟਾਂ-ਰੋੜੇ ਚਲਾਏ ਗਏ ਅਤੇ ਮੌਕੇ 'ਤੇ ਹਾਲਾਤ ਤਣਾਅਪੂਰਨ ਹੋ ਗਏ। ਰਾਜਵਿੰਦਰ ਕੌਰ ਨੇ ਘਟਨਾ ਸਬੰਧੀ ਆਪਣੀ ਪੂਰੀ ਗੱਲਬਾਤ ਦੌਰਾਨ ਕਥਿਤ ਤੌਰ 'ਤੇ ਹੋਏ ਘਟਨਾਕ੍ਰਮ ਦਾ ਵੇਰਵਾ ਵੀ ਦਿੱਤਾ ਦੂਜੇ ਪਾਸੇ ਮਨਪ੍ਰੀਤ ਕੌਰ ਨੇ ਵੀ ਇਸ ਮਾਮਲੇ ਸਬੰਧੀ ਆਪਣਾ ਪੱਖ ਰੱਖਦਿਆਂ ਕਿਹਾ ਕਿ ਘਟਨਾ ਨੂੰ ਸਿਰਫ਼ ਇੱਕ ਪਾਸੇ ਤੋਂ ਦੇਖਣ ਦੀ ਬਜਾਏ ਪੂਰੇ ਮਾਮਲੇ ਦੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਵੀ ਰਿਸ਼ਤਾ ਕਰਵਾਉਣ ਸਬੰਧੀ ਹੋਈ ਗੱਲਬਾਤ ਤੋਂ ਬਾਅਦ ਤਕਰਾਰ ਵਧਣ ਬਾਰੇ ਆਪਣੇ ਵੱਲੋਂ ਵੇਰਵਾ ਦਿੱਤਾ ਅਤੇ ਮਾਮਲੇ ਸਬੰਧੀ ਤੱਥ ਸਾਹਮਣੇ ਲਿਆਉਣ ਦੀ ਗੱਲ ਆਖੀ ! ਇੱਕ ਧਿਰ ਵੱਲੋਂ ਇਹ ਵੀ ਦੋਸ਼ ਲਗਾਇਆ ਗਿਆ ਹੈ ਕਿ ਕਰੀਬ 40-50 ਸਕੂਲੀ ਬੱਚਿਆਂ ਨੂੰ ਨਾਲ ਲੈ ਕੇ ਹਮਲਾ ਕੀਤਾ ਗਿਆ ਜੋ ਸੀਸੀਟੀ ਵੀ ਵਿੱਚ ਇੱਟਾਂ ਰੋੜੇ ਚਲਾਉਂਦੇ ਹੋਏ ਸਾਫ ਦਿਖਾਈ ਦੇ ਰਹੇ ਹਨ । ਹਾਲਾਂਕਿ ਇਸ ਦਾਅਵੇ ਦੀ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ। ਘਟਨਾ ਨਾਲ ਸਬੰਧਤ ਸੀਸੀਟੀਵੀ ਫੁਟੇਜ ਅਤੇ ਤਸਵੀਰਾਂ ਵਿੱਚ ਰੋੜੇਬਾਜ਼ੀ ਦੇ ਦ੍ਰਿਸ਼ ਕੈਦ ਹੋਣ ਦਾ ਵੀ ਦਾਅਵਾ ਕੀਤਾ ਜਾ ਰਿਹਾ ਹੈ। ਪੁਲਿਸ ਜਾਂਚ ਦੌਰਾਨ ਫੁਟੇਜ ਦੀ ਪੜਤਾਲ ਹੋਣ 'ਤੇ ਹੀ ਸਥਿਤੀ ਹੋਰ ਸਪੱਸ਼ਟ ਹੋ ਸਕੇਗੀ। ਘਟਨਾ ਤੋਂ ਬਾਅਦ ਦੋਵਾਂ ਧਿਰਾਂ ਨਾਲ ਸਬੰਧਤ ਔਰਤਾਂ ਵੱਲੋਂ ਵੀ ਇੱਕ-ਦੂਜੇ ਖ਼ਿਲਾਫ਼ ਗੰਭੀਰ ਅਤੇ ਇਤਰਾਜ਼ਯੋਗ ਦੋਸ਼ ਲਗਾਏ ਜਾਣ ਦੀ ਗੱਲ ਸਾਹਮਣੇ ਆਈ ਹੈ। ਇਨ੍ਹਾਂ ਦੋਸ਼ਾਂ ਦੀ ਸੁਤੰਤਰ ਤੌਰ 'ਤੇ ਪੁਸ਼ਟੀ ਨਹੀਂ ਹੋਈ। ਪੁਲਿਸ ਜਾਂਚ ਤੋਂ ਬਾਅਦ ਹੀ ਪਤਾ ਲੱਗੇਗਾ ਕਿ ਇਨ੍ਹਾਂ ਦੋਸ਼ਾਂ ਵਿੱਚ ਕਿੰਨੀ ਸੱਚਾਈ ਹੈ। ਇਸ ਰੋੜੇਬਾਜ਼ੀ ਅਤੇ ਤਣਾਅਪੂਰਨ ਮਾਹੌਲ ਵੇਖਦਿਆਂ ਹੋਇਆ ਕਿਸੇ ਵਿਅਕਤੀ ਵੱਲੋਂ ਪੁਲਿਸ ਹੈਲਪਲਾਈਨ 112 'ਤੇ ਕਾਲ ਕੀਤੀ ਗਈ। ਸੂਚਨਾ ਮਿਲਦਿਆਂ ਹੀ ਪੁਲਿਸ ਟੀਮ ਮੌਕੇ 'ਤੇ ਪਹੁੰਚੀ ਅਤੇ ਹਾਲਾਤ ਨੂੰ ਕਾਬੂ ਕੀਤਾ। ਪੁਲਿਸ ਵੱਲੋਂ ਮੌਕੇ ਦਾ ਜਾਇਜ਼ਾ ਲੈਣ ਦੇ ਨਾਲ-ਨਾਲ ਦੋਵਾਂ ਧਿਰਾਂ ਤੋਂ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਫਿਲਹਾਲ ਮਾਮਲੇ ਵਿੱਚ ਲੱਗੇ ਦੋਸ਼ਾਂ ਦੀ ਅਧਿਕਾਰਤ ਪੁਸ਼ਟੀ ਨਹੀਂ ਹੋਈ। ਪੁਲਿਸ ਜਾਂਚ ਤੋਂ ਬਾਅਦ ਹੀ ਇਹ ਸਪੱਸ਼ਟ ਹੋਵੇਗਾ ਕਿ ਤਕਰਾਰ ਦੀ ਅਸਲ ਵਜ੍ਹਾ ਕੀ ਸੀ, ਇੱਟਾਂ-ਰੋੜੇ ਕਿਸ ਵੱਲੋਂ ਚਲਾਏ ਗਏ ਅਤੇ ਗੱਡੀ ਦੀ ਭੰਨਤੋੜ ਲਈ ਕੌਣ ਜ਼ਿੰਮੇਵਾਰ ਹੈ। ਪੁਲਿਸ ਵੱਲੋਂ ਤੱਥਾਂ ਦੇ ਆਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੇ ਜਾਣ ਦੀ ਗੱਲ ਕਹੀ ਜਾ ਰਹੀ ਹੈ।

### 40-50 ਸਕੂਲੀ ਬੱਚਿਆਂ ਵੱਲੋਂ ਹਮਲਾ ਕਰਨ ਦੇ ਦੋਸ਼; ਰੋੜੇਬਾਜ਼ੀ ਦੀਆਂ ਤਸਵੀਰਾਂ ਸੀਸੀਟੀਵੀ ਕੈਮਰਿਆਂ 'ਚ ਕੈਦ ਹੋਣ ਦਾ ਦਾਅਵਾ — 112 'ਤੇ ਸੂਚਨਾ ਮਗਰੋਂ ਪੁਲਿਸ ਮੌਕੇ 'ਤੇ ਪੁੱਜੀ

## ਗੁਰੂ ਸਾਹਿਬਾਨ ਖ਼ਿਲਾਫ਼ ਭੱਦੀ ਭਾਸ਼ਾ ਵਰਤਣ ਵਾਲੇ ਚੇਤਨ ਸ਼ਰਮਾ ਨੂੰ ਕੋਰਟ ਦਾ ਝਟਕਾ, ਅਗਾਊਂ ਜ਼ਮਾਨਤ ਖ਼ਾਰਜ, ਗ੍ਰਿਫ਼ਤਾਰੀ ਲਈ ਕਾਨੂੰਨੀ ਸ਼ਿਕੰਜਾ ਕੱਸਣ ਦੀ ਤਿਆਰੀ: ਐਡਵੋਕੇਟ ਸਾਹਨੀ



**ਨਵੀਂ ਦਿੱਲੀ, 2 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:-ਗੁਰੂ ਸਾਹਿਬਾਨ ਬਾਰੇ ਕਥਿਤ ਤੌਰ 'ਤੇ ਭੱਦੀ ਅਤੇ ਇਤਰਾਜ਼ਯੋਗ ਸ਼ਬਦਾਵਲੀ ਵਰਤਣ ਦੇ ਮਾਮਲੇ ਵਿੱਚ ਲੁਧਿਆਣਾ ਸਦਰ ਥਾਣੇ ਵਿੱਚ ਜੁਲਾਈ ਮਹੀਨੇ ਦਰਜ ਹੋਏ ਮਾਮਲੇ 'ਚ ਨਾਮਜ਼ਦ ਚੇਤਨ ਸ਼ਰਮਾ ਨੂੰ ਵੱਡਾ ਝਟਕਾ ਲੱਗਾ ਹੈ। ਗ੍ਰਿਫ਼ਤਾਰੀ ਤੋਂ ਪਹਿਲਾਂ ਘਰੋਂ ਫਰਾਰ ਹੋਏ ਚੇਤਨ ਸ਼ਰਮਾ ਵੱਲੋਂ ਲੁਧਿਆਣਾ ਸੈਸ਼ਨ ਕੋਰਟ ਵਿੱਚ ਦਾਇਰ ਕੀਤੀ ਅਗਾਊਂ ਜ਼ਮਾਨਤ ਦੀ ਅਰਜ਼ੀ ਨੂੰ ਅਦਾਲਤ ਨੇ 1 ਸਤੰਬਰ ਨੂੰ ਖਾਰਜ ਕਰ ਦਿੱਤਾ। ਸਿੱਖ ਲੀਗਲ ਵਿੰਗ ਪੰਜਾਬ ਦੇ ਚੇਅਰਮੈਨ ਅਤੇ ਪੰਥਕ ਵਕੀਲ ਐਡਵੋਕੇਟ ਗੁਰਜਿੰਦਰ ਸਿੰਘ ਸਾਹਨੀ ਵੱਲੋਂ ਜ਼ਮਾਨਤ ਦਾ ਸਖ਼ਤ ਵਿਰੋਧ ਕੀਤਾ ਗਿਆ। ਅਦਾਲਤ ਵਿੱਚ ਬਹਿਸ ਕਰਦਿਆਂ ਐਡਵੋਕੇਟ ਸਾਹਨੀ ਨੇ ਦਲੀਲ ਦਿੱਤੀ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਚੇਤਨ ਸ਼ਰਮਾ ਦੀ ਹਿਰਾਸਤੀ ਪੁੱਛਗਿੱਛ ਜ਼ਰੂਰੀ ਹੈ, ਤਾਂ ਜੋ ਮਾਮਲੇ ਪਿੱਛੇ ਕਿਸੇ ਸਾਜ਼ਿਸ਼ ਜਾਂ ਹੋਰ ਵਿਅਕਤੀਆਂ ਦੀ ਸ਼ਮੂਲੀਅਤ ਹੋਣ ਦੀ ਸੂਰਤ ਵਿੱਚ ਉਨ੍ਹਾਂ ਨੂੰ ਵੀ ਜਾਂਚ ਦੇ ਘੇਰੇ ਵਿੱਚ ਲਿਆਂਦਾ ਜਾ ਸਕੇ। ਉਨ੍ਹਾਂ ਅਨੁਸਾਰ ਅਜਿਹੀ ਇਤਰਾਜ਼ਯੋਗ ਸ਼ਬਦਾਵਲੀ ਜਾਣਬੁੱਝ ਕੇ ਵਰਤ ਕੇ ਦੋ ਭਾਈਚਾਰਿਆਂ ਵਿਚਕਾਰ ਤਣਾਅ ਪੈਦਾ ਕਰਨ ਅਤੇ ਪੰਜਾਬ ਦੇ ਸ਼ਾਂਤ ਮਾਹੌਲ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਹੋ ਸਕਦੀ ਹੈ। ਇਸ ਲਈ ਉਨ੍ਹਾਂ ਨੇ ਅਗਾਊਂ ਜ਼ਮਾਨਤ ਰੱਦ ਕਰਨ ਦੀ ਮੰਗ ਕੀਤੀ। ਓਨ੍ਹਾ ਦਸਿਆ ਕਿ ਕੋਰਟ ਵੱਲੋਂ ਪਹਿਲਾਂ 31 ਅਗਸਤ ਅਤੇ ਫਿਰ 1 ਸਤੰਬਰ ਨੂੰ ਫੈਸਲੇ ਲਈ ਤਾਰੀਖ਼ ਦਿੱਤੀ ਗਈ। 1 ਸਤੰਬਰ ਨੂੰ ਅਦਾਲਤ ਨੇ ਚੇਤਨ ਸ਼ਰਮਾ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਖਾਰਜ ਕਰ ਦਿੱਤੀ। ਐਡਵੋਕੇਟ ਸਾਹਨੀ ਨੇ ਕਿਹਾ ਕਿ ਹੁਣ ਪੁਲਿਸ 'ਤੇ ਦਬਾਅ ਬਣਾਇਆ ਜਾਵੇਗਾ ਕਿ ਚੇਤਨ ਸ਼ਰਮਾ ਨੂੰ ਗ੍ਰਿਫ਼ਤਾਰ ਕਰਕੇ ਕਾਨੂੰਨ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਚੇਤਨ ਸ਼ਰਮਾ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਵਿੱਚ ਜ਼ਮਾਨਤ ਲਈ ਪਹੁੰਚ ਕੀਤੀ ਜਾਂਦੀ ਹੈ ਤਾਂ ਉੱਥੇ ਵੀ ਇਸਦਾ ਕਾਨੂੰਨੀ ਤੌਰ 'ਤੇ ਸਖ਼ਤ ਵਿਰੋਧ ਕੀਤਾ ਜਾਵੇਗਾ। ਐਡਵੋਕੇਟ ਸਾਹਨੀ ਨੇ ਇਹ ਵੀ ਐਲਾਨ ਕੀਤਾ ਕਿ ਸਿੱਖ ਧਰਮ, ਗੁਰੂ ਸਾਹਿਬਾਨ ਅਤੇ ਸਿੱਖ ਭਾਵਨਾਵਾਂ ਬਾਰੇ ਇਤਰਾਜ਼ਯੋਗ ਜਾਂ ਅਪਮਾਨਜਨਕ ਟਿੱਪਣੀਆਂ ਕਰਨ ਵਾਲੇ ਹੋਰ ਵਿਅਕਤੀਆਂ ਖ਼ਿਲਾਫ਼ ਵੀ ਕਾਨੂੰਨੀ ਕਾਰਵਾਈ ਲਈ ਸ਼ਿਕਾਇਤਾਂ ਦਰਜ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਿੱਖ ਧਰਮ ਬਾਰੇ ਭੱਦੀ ਭਾਸ਼ਾ ਵਰਤਣ ਵਾਲਿਆਂ ਨੂੰ ਕਾਨੂੰਨ ਦੇ ਦਾਇਰੇ ਵਿੱਚ ਲਿਆਉਣ ਲਈ ਕਾਨੂੰਨੀ ਲੜਾਈ ਜਾਰੀ ਰੱਖੀ ਜਾਵੇਗੀ।

## ਭਵਾਨੀਗੜ੍ਹ ਵਿਖੇ 1.11 ਕਰੋੜ ਰੁਪਏ ਦੀ ਲਾਗਤ ਨਾਲ ਢਾਈ ਕਿਲੋਮੀਟਰ ਸੜਕ ਦੇ ਨਿਰਮਾਣ ਕਾਰਜਾਂ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਸ਼ੁਰੂਆਤ

### ਸ਼ਮਸ਼ਾਨ ਘਾਟ ਰੋਡ ਤੋਂ ਕਾਕੜਾ ਰੋਡ ਰਾਹੀਂ ਡੰਪ ਤੱਕ ਬਣੇਗੀ ਸੜਕ, ਸ਼ਹਿਰ ਵਾਸੀਆਂ ਨੂੰ ਮਿਲੇਗੀ ਵੱਡੀ ਰਾਹਤ



**ਭਵਾਨੀਗੜ੍ਹ (ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਮਜ਼ਬੂਤ ਅਤੇ ਬਿਹਤਰ ਸੜਕੀ ਢਾਂਚਾ ਮੁਹੱਈਆ ਕਰਵਾਉਣ ਲਈ ਸੜਕਾਂ ਦੇ ਨਿਰਮਾਣ ਅਤੇ ਨਵੀਨੀਕਰਨ ਦਾ ਕੰਮ ਲਗਾਤਾਰ ਜ਼ੋਰਾਂ 'ਤੇ ਚੱਲ ਰਿਹਾ ਹੈ। ਇਸੇ ਤਹਿਤ ਅੱਜ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਭਵਾਨੀਗੜ੍ਹ ਵਿਖੇ 1.11 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਲਗਭਗ ਢਾਈ ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦੱਸਿਆ ਕਿ ਇਹ ਸੜਕ ਸ਼ਮਸ਼ਾਨ ਘਾਟ ਰੋਡ ਤੋਂ ਕਾਕੜਾ ਰੋਡ ਰਾਹੀਂ ਡੰਪ ਤੱਕ ਬਣਾਈ ਜਾਵੇਗੀ। ਇਸ ਸੜਕ ਦੇ ਨਿਰਮਾਣ ਨਾਲ ਭਵਾਨੀਗੜ੍ਹ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਵਸਨੀਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਸੜਕਾਂ ਦਾ ਮਜ਼ਬੂਤ ਨੈੱਟਵਰਕ ਨਾ ਸਿਰਫ਼ ਆਵਾਜਾਈ ਨੂੰ ਸੁਚਾਰੂ ਬਣਾਉਂਦਾ ਹੈ, ਸਗੋਂ ਇਲਾਕੇ ਦੇ ਵਪਾਰਕ ਅਤੇ ਆਰਥਿਕ ਵਿਕਾਸ ਨੂੰ ਵੀ ਗਤੀ ਦਿੰਦਾ ਹੈ। ਵਿਧਾਇਕ ਨੇ ਕਿਹਾ ਕਿ ਇਸ ਸੜਕ ਦੇ ਨਿਰਮਾਣ ਕਾਰਜ ਨੂੰ ਗੁਣਵੱਤਾ ਦੇ ਮਾਪਦੰਡਾਂ ਅਨੁਸਾਰ ਮੁਕੰਮਲ ਕਰਵਾਇਆ ਜਾਵੇਗਾ ਤਾਂ ਜੋ ਲੋਕਾਂ ਨੂੰ ਲੰਮੇ ਸਮੇਂ ਤੱਕ ਇਸ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ। ਇਸ ਮੌਕੇ ਇਲਾਕੇ ਦੇ ਪਤਵੰਤੇ, ਸਥਾਨਕ ਆਗੂ ਅਤੇ ਸ਼ਹਿਰ ਵਾਸੀ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243